ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 22 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਭਾਰਤੀ ਹਵਾਈ ਫੌਜ ਦਾ ਟ੍ਰੇਨੀ ਜਹਾਜ਼ ਹੋਇਆ ਕ੍ਰੈਸ਼, ਤਲਾਬ 'ਚ ਡਿੱਗਿਆ ਜਹਾਜ਼

**ਪ੍ਰਯਾਗਰਾਜ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਉਤਰ ਪ੍ਰਦੇਸ਼ ਦੇ ਪ੍ਰਯਾਗਰਾਜ 'ਚ ਬੁੱਧਵਾਰ ਦੁਪਹਿਰ ਨੂੰ ਉਦੋਂ ਵੱਡਾ ਹਾਦਸਾ ਵਾਪਰਨ ਤੋਂ ਵਾਲ-ਵਾਲ ਬਚਾਅ ਹੋ ਗਿਆ, ਜਦੋਂ ਤਕਨੀਕੀ ਖਰਾਬੀ ਕਾਰਨ ਭਾਰਤੀ ਹਵਾਈ ਫੌਜ ਦਾ ਇੱਕ ਸਿਖਲਾਈ ਜਹਾਜ਼ ਸ਼ਹਿਰ ਦੇ ਵਿਚਕਾਰ ਇੱਕ ਤਲਾਬ ਵਿੱਚ ਹਾਦਸਾਗ੍ਰਸਤ ਹੋ ਗਿਆ। ਕੇਪੀ ਕਾਲਜ ਦੇ ਬਿਲਕੁਲ ਪਿੱਛੇ ਵਾਪਰੇ ਇਸ ਹਾਦਸੇ ਨੇ ਇਲਾਕੇ ਵਿੱਚ ਦਹਿਸ਼ਤ ਫੈਲਾ ਦਿੱਤੀ। ਚਸ਼ਮਦੀਦਾਂ ਦੇ ਅਨੁਸਾਰ, ਜਹਾਜ਼ ਹਵਾ ਵਿੱਚ ਡਿੱਗ ਗਿਆ ਅਤੇ ਸਿੱਧਾ ਦਲਦਲੀ ਤਲਾਬ ਵਿੱਚ ਡਿੱਗ ਗਿਆ, ਜਿਸ ਤੋਂ ਬਾਅਦ ਸਥਾਨਕ ਨਿਵਾਸੀਆਂ ਨੇ ਆਪਣੀ ਜਾਨ ਜੋਖਮ ਵਿੱਚ ਪਾ ਕੇ ਜਹਾਜ਼ ਨੂੰ ਬਚਾਉਣ ਲਈ ਪਾਣੀ ਵਿੱਚ ਛਾਲ ਮਾਰ ਦਿੱਤੀ। ਲੋਕਾਂ ਨੇ ਦੱਸਿਆ ਕਿ ਜਦੋਂ ਜਹਾਜ਼ ਹਾਦਸਾਗ੍ਰਸਤ ਹੋਇਆ ਤਾਂ ਉਨ੍ਹਾਂ ਨੇ ਰਾਕੇਟ ਵਰਗੀ ਉੱਚੀ ਆਵਾਜ਼ ਸੁਣੀ ਅਤੇ ਜਦੋਂ ਉਹ ਤਲਾਬ ਵੱਲ ਭੱਜੇ, ਤਾਂ ਪਾਇਲਟ ਮਦਦ ਲਈ ਚੀਕ ਰਹੇ ਸਨ। ਸਥਾਨਕ ਨੌਜਵਾਨਾਂ ਨੇ ਹਿੰਮਤ ਕਰਦਿਆਂ ਦੋ ਦੋਵੇਂ ਪਾਇਲਟਾਂ ਅਤੇ ਇੱਕ ਹੋਰ ਵਿਅਕਤੀ ਨੂੰ ਸੁਰੱਖਿਅਤ ਬਾਹਰ ਕੱਢ ਲਿਆ। ਇਹ ਤਿੰਨੇ ਪੈਰਾਸ਼ੂਟ ਰਾਹੀਂ ਬਾਹਰ ਨਿਕਲਣ ਦੀ ਕੋਸ਼ਿਸ਼ ਕਰ ਰਹੇ ਸਨ। ਫਿਲਹਾਲ ਦੋਵੇਂ ਪਾਇਲਟ ਸੁਰੱਖਿਅਤ ਦੱਸੇ ਜਾ ਰਹੇ ਹਨ ਅਤੇ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ।

## ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁੱਖੂ ਨੂੰ
# ਬੰਬ ਨਾਲ ਉਡਾਉਣ ਦੀ ਧਮਕੀ

**ਸ਼ਿਮਲਾ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੂੰ ਗਣਤੰਤਰ ਦਿਵਸ ਮੌਕੇ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਹ ਧਮਕੀ ਭਰੀ ਈ-ਮੇਲ ਸ਼ਿਮਲਾ



ਦੇ ਡੀਸੀ ਦਫ਼ਤਰ ਦੀ ਅਧਿਕਾਰਤ ਮੇਲ ਆਈਡੀ 'ਤੇ ਭੇਜੀ ਗਈ ਹੈ। ਇਸ ਧਮਕੀ ਮਗਰੋਂ ਸੂਬੇ ਦੀਆਂ ਸੁਰੱਖਿਆ ਏਜੰਸੀਆਂ ਵਿੱਚ ਹੜਕੰਪ ਮਚ ਗਿਆ ਹੈ ਅਤੇ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਅਣਪਛਾਤੇ ਵਿਅਕਤੀ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ। ਜਾਣਕਾਰੀ ਅਨੁਸਾਰ, ਧਮਕੀ ਭਰੀ ਈ-ਮੇਲ ਵਿੱਚ ਲਿਖਿਆ ਗਿਆ ਹੈ ਕਿ ਜੇਕਰ ਮੁੱਖ ਮੰਤਰੀ ਸੁੱਖੂ ਗਣਤੰਤਰ ਦਿਵਸ ਦੇ ਮੌਕੇ 'ਤੇ ਰਾਸ਼ਟਰੀ ਝੰਡਾ ਲਹਿਰਾਉਣ ਪਹੁੰਚਦੇ ਹਨ, ਤਾਂ ਉਨ੍ਹਾਂ 'ਤੇ ਆਤਮਘਾਤੀ ਹਮਲਾ ਕੀਤਾ ਜਾਵੇਗਾ। ਸ਼ਿਮਲਾ ਪੁਲਿਸ ਨੇ ਇਸ ਮਾਮਲੇ ਨੂੰ ਬੇਹੱਦ ਗੰਭੀਰਤਾ ਨਾਲ ਲੈਂਦਿਆਂ ਥਾਣਾ ਸਦਰ ਵਿੱਚ ਭਾਰਤੀ ਨਿਆ ਸੰਹਿਤਾ (BNS) ਦੀਆਂ ਧਾਰਾਵਾਂ 351(3), 353(1)(b) ਅਤੇ 152 ਤਹਿਤ ਕੇਸ ਦਰਜ ਕੀਤਾ ਹੈ। ਪੁਲਸ ਅਧਿਕਾਰੀਆਂ ਅਨੁਸਾਰ ਇਹ ਈ-ਮੇਲ ਇੱਕ ਗੁਮਨਾਮ ਆਈਡੀ ਤੋਂ ਭੇਜੀ ਗਈ ਹੈ। ਪੁਲਿਸ ਹੁਣ ਇਲੈਕਟ੍ਰਾਨਿਕ ਅਤੇ ਡਿਜੀਟਲ ਸਬੂਤਾਂ ਦੇ ਆਧਾਰ 'ਤੇ ਭੇਜਣ ਵਾਲੇ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸਾਈਬਰ ਮਾਹਿਰਾਂ ਦੀ ਮਦਦ ਨਾਲ ਈ-ਮੇਲ ਦੇ ਸਰੋਤ ਅਤੇ ਲੋਕੇਸ਼ਨ ਦਾ ਪਤਾ ਲਗਾਇਆ ਜਾ ਰਿਹਾ ਹੈ ਤਾਂ ਜੋ ਦੋਸ਼ੀ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾ ਸਕੇ। ਇਸ ਧਮਕੀ ਦੇ ਮੱਦੇਨਜ਼ਰ ਗਣਤੰਤਰ ਦਿਵਸ ਸਮਾਰੋਹ ਲਈ ਸੁਰੱਖਿਆ ਪ੍ਰਬੰਧ ਪਹਿਲਾਂ ਨਾਲੋਂ ਵੀ ਜ਼ਿਆਦਾ ਸਖ਼ਤ ਕਰ ਦਿੱਤੇ ਗਏ ਹਨ। ਦੱਸ ਦੇਈਏ ਕਿ ਇਸ ਵਾਰ ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹ ਸ਼ਿਮਲਾ ਦੇ ਇਤਿਹਾਸਕ ਰਿਜ ਮੈਦਾਨ 'ਤੇ ਮਨਾਇਆ ਜਾਣਾ ਹੈ, ਜਿੱਥੇ ਮੁੱਖ ਮੰਤਰੀ ਸੁੱਖੂ ਤਿਰੰਗਾ ਫਹਿਰਾਉਣਗੇ। ਪੁਲਿਸ ਨੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਧਿਆਨ ਨਾ ਦੇਣ ਅਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਪੁਲਸ ਦੀ ਮੁਢਲੀ ਜਾਂਚ ਵਿੱਚ ਇਹ ਸੰਕੇਤ ਮਿਲੇ ਹਨ ਕਿ ਅਜਿਹੀਆਂ ਝੂਠੀਆਂ ਅਤੇ ਭਰਮਾਊ ਸੂਚਨਾਵਾਂ ਰਾਹੀਂ ਜਨਤਾ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਅਜਿਹੀਆਂ ਹਰਕਤਾਂ ਜਨਤਕ ਸ਼ਾਂਤੀ ਨੂੰ ਭੰਗ ਕਰਨ ਦੇ ਨਾਲ-ਨਾਲ ਦੇਸ਼ ਦੀ ਪ੍ਰਭੂਸੱਤਾ, ਏਕਤਾ ਅਤੇ ਅਖੰਡਤਾ ਲਈ ਵੀ ਗੰਭੀਰ ਖਤਰਾ ਹਨ।

## ਜਲੰਧਰ ਦੇ ਪਿੰਡ ਮਾਹਲਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਨਿੰਦਾ

**ਜਲੰਧਰ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਪਿੰਡ ਮਾਹਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗ ਪਾੜ ਕੇ ਕੀਤੀ ਘੋਰ ਬੇਅਦਬੀ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਇਸ ਨੂੰ ਪੰਜਾਬ ਸਰਕਾਰ ਦੀ ਕਾਨੂੰਨ ਵਿਵਸਥਾ ਅਤੇ ਸੂਬੇ ਪ੍ਰਤੀ ਜ਼ੁੰਮੇਵਾਰੀ ਦੀ ਨਕਾਮੀ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਵਿਚ ਲਗਾਤਾਰ ਵਾਧਾ ਹੋਣਾ ਵੱਡੀ ਚਿੰਤਾ ਦਾ ਵਿਸ਼ਾ ਹੈ। ਮੌਜੂਦਾ ਪੰਜਾਬ ਸਰਕਾਰ ਇਨ੍ਹਾਂ ਨੂੰ ਰੋਕਣ ਵਿਚ ਅਸਫਲ ਸਿੱਧ ਹੋਈ ਹੈ ਅਤੇ ਬਹੁਤੀਆਂ ਘਟਨਾਵਾਂ ਵਿਚ ਸਾਹਮਣੇ ਆਏ ਦੋਸ਼ੀਆਂ ਖਿਲਾਫ਼ ਵੀ ਕੋਈ ਮਿਸਾਲੀ ਕਾਰਵਾਈ ਨਹੀਂ ਕਰ ਸਕੀ, ਜੋ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰਨ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਤਾਜ਼ਾ ਘਟਨਾ ਵਿਚ ਜਲੰਧਰ ਦੇ ਪਿੰਡ ਮਾਹਲਾ ਵਿਚ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਦੇਣਾ ਸਿੱਖ ਭਾਵਨਾਵਾਂ ਨੂੰ ਸਿੱਧੀ ਚੁਣੌਤੀ ਹੈ। ਇਹ ਘਟਨਾ ਵੀ ਵੱਡੀ ਸਾਜ਼ਿਸ਼ ਦਾ ਹਿੱਸਾ ਲਗਦੀ ਹੈ, ਕਿਉਂਕਿ



ਇਥੇ ਗੁਰਦੁਆਰਾ ਸਾਹਿਬ ਵਿਚ ਲੱਗੇ ਕੈਮਰੇ ਵੀ ਬੰਦ ਸਨ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਇਹ ਹੈ ਕਿ ਸਰਕਾਰ ਵੱਲੋਂ ਬੇਅਦਬੀਆਂ ਦਾ ਕੋਈ ਗੰਭੀਰ ਨੋਟਿਸ ਨਹੀਂ ਲਿਆ ਜਾ ਰਿਹਾ ਅਤੇ ਅਜਿਹੀਆਂ ਘਟਨਾਵਾਂ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਐਡਵੋਕੇਟ ਧਾਮੀ ਨੇ ਇਸ ਘਟਨਾ ਦੇ ਦੋਸ਼ੀ ਅਤੇ ਇਸ ਪਿੱਛੇ ਕੰਮ ਕਰਦੀਆਂ ਤਾਕਤਾਂ ਨੂੰ ਸਾਹਮਣੇ ਲਿਆਉਣ ਅਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਕਾਰਵਾਈ ਨਾ ਕੀਤੀ ਤਾਂ ਸੰਗਤਾਂ ਨੂੰ ਸੰਘਰਸ਼ ਲਈ ਮਜਬੂਰ ਹੋਣਾ ਪਵੇਗਾ।

## ਸੁਖਬੀਰ ਸਿੰਘ ਬਾਦਲ ਦਾ ਵੱਡਾ ਉਪਰਾਲਾ
## ਗੁਰੂ-ਕਾ-ਲਾਹੌਰ ਜਾਣ ਵਾਲੀ ਸੰਗਤ ਲਈ 3 ਦਿਨ ਦਾ ਹਿਮਾਚਲ ਐਂਟਰੀ ਟੈਕਸ ਕੀਤਾ ਅਦਾ

**ਚੰਡੀਗੜ੍ਹ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਵਿਆਹ ਪੁਰਬ ਮੌਕੇ ਗੁਰੂ-ਕਾ-ਲਾਹੌਰ (ਹਿਮਾਚਲ ਪ੍ਰਦੇਸ਼)



ਵਿਖੇ ਲੱਗਣ ਵਾਲੇ ਜੋੜ ਮੇਲੇ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੰਗਤਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। 21 ਜਨਵਰੀ ਤੋਂ 23 ਜਨਵਰੀ ਤੱਕ ਗੁਰੂ-ਕਾ-ਲਾਹੌਰ ਜਾਣ ਵਾਲੀਆਂ ਸੰਗਤਾਂ ਨੂੰ ਹਿਮਾਚਲ ਪ੍ਰਦੇਸ਼ ਦਾਖਲੇ ਸਮੇਂ ਲੱਗਣ ਵਾਲਾ ਐਂਟਰੀ ਟੈਕਸ ਅਤੇ ਟੋਲ ਪਲਾਜ਼ਾ ਫੀਸ ਨਹੀਂ ਦੇਣੀ ਪਵੇਗੀ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਡਾ. ਦਲਜੀਤ ਸਿੰਘ ਭਿੰਡਰ ਨੇ ਦੱਸਿਆ ਕਿ ਹਰ ਸਾਲ ਵਿਆਹ ਪੁਰਬ ਮੌਕੇ ਗੁਰੂ-ਕਾ-ਲਾਹੌਰ ਵਿਖੇ ਵੱਡਾ ਜੋੜ ਮੇਲਾ ਲੱਗਦਾ ਹੈ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਸ਼ਿਰਕਤ ਕਰਨ ਲਈ ਪਹੁੰਚਦੀਆਂ ਹਨ। ਸੰਗਤਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਤਿੰਨ ਦਿਨਾਂ ਲਈ ਟੋਲ ਪਲਾਜ਼ਾ ਨੂੰ ਫ਼ਰੀ ਰੱਖਣ ਲਈ ਬਣਦੀ ਰਕਮ ਆਪਣੀ ਨਿੱਜੀ ਕਮਾਈ ਵਿੱਚੋਂ ਅਦਾ ਕੀਤੀ ਗਈ ਹੈ। ਡਾ. ਭਿੰਡਰ ਨੇ ਦੱਸਿਆ ਕਿ ਗੁਰੂ-ਕਾ-ਲਾਹੌਰ ਵਿਖੇ ਹੋਣ ਵਾਲੇ ਸਮਾਗਮਾਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀਆਂ ਭਰੀਆਂ ਜਾਣਗੀਆਂ। ਇਸ ਤੋਂ ਇਲਾਵਾ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਸੰਪਰਦਾ ਦੇ ਮੁਖੀ ਸੰਤ ਬਾਬਾ ਸਤਨਾਮ ਸਿੰਘ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਵੱਲੋਂ ਸੰਗਤਾਂ ਦੀ ਆਮਦ ਨੂੰ ਦੇਖਦੇ ਹੋਏ ਰਹਾਇਸ਼, ਲੰਗਰ ਅਤੇ ਹੋਰ ਸੁਵਿਧਾਵਾਂ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਅੰਤ ਵਿੱਚ ਡਾ. ਦਲਜੀਤ ਸਿੰਘ ਭਿੰਡਰ ਨੇ ਗੁਰੂ ਚਰਨਾਂ ਵਿੱਚ ਅਰਦਾਸ ਕਰਦਿਆਂ ਕਿਹਾ ਕਿ ਵਾਹਿਗੁਰੂ ਸੁਖਬੀਰ ਸਿੰਘ ਬਾਦਲ ਦੀ ਨੇਕ ਕਮਾਈ ਵਿੱਚ ਹੋਰ ਬਰਕਤ ਬਖ਼ਸ਼ੇ ਅਤੇ ਉਨ੍ਹਾਂ ਸਮੁੱਚੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਜੋੜ ਮੇਲੇ ਦੇ ਸਮਾਗਮਾਂ ਵਿੱਚ ਸ਼ਿਰਕਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਸ਼ਤਾਬਦੀ ਸਮਾਗਮਾਂ ਦੌਰਾਨ ਸ੍ਰੀ ਹਜ਼ੂਰ ਸਾਹਿਬ ਲਈ ਅੰਮ੍ਰਿਤਸਰ, ਚੰਡੀਗੜ੍ਹ ਤੇ ਦਿੱਲੀ ਤੋਂ ਲੱਗੀਆਂ ਸਪੈਸ਼ਲ ਟ੍ਰੇਨਾਂ

ਚੌਕ ਮਹਿਤਾ, 21ਜਨਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ)-ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ (ਸਰਪ੍ਰਸਤ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ) ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ 'ਹਿੰਦ ਦੀ ਚਾਦਰ' ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 24 ਤੇ 25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਵਿਸ਼ਾਲ ਪੱਧਰ 'ਤੇ ਮਨਾਏ ਜਾ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ ਲਈ ਸੰਗਤਾਂ ਦੀ ਵੱਡੀ ਆਮਦ ਨੂੰ ਦੇਖਦੇ ਹੋਏ ਖਾਸ ਉਪਰਾਲੇ ਕੀਤੇ ਗਏ ਹਨ ,ਜਿਸ ਤੋਂ ਬਾਅਦ ਉੱਤਰੀ ਰੇਲਵੇ ਚੰਡੀਗੜ੍ਹ-ਨਾਂਦੇੜ- ਚੰਡੀਗੜ੍ਹ ,ਹਜ਼ਰਤ ਨਿਜ਼ਾਮੂਦੀਨ-ਨਾਂਦੇੜ-ਹਜ਼ਰਤ ਨਿਜ਼ਾਮੂਦੀਨ ਤੇ ਅੰਮ੍ਰਿਤਸਰ-ਚੇਰਲਾਪੱਲੀ(ਨਾਂਦੇੜ)- ਅੰਮ੍ਰਿਤਸਰ ਰੂਟ 'ਤੇ ਆਉਣ-ਜਾਣ ਲਈ ਸੰਗਤਾਂ ਦੀ ਸਹੂਲਤ ਲਈ 6 ਸਪੈਸ਼ਲ ਟ੍ਰੇਨਾਂ ਚਲਾਈਆਂ ਜਾ ਰਹੀਆਂ ਹਨ ।ਇਸਦੇ ਨਾਲ ਹੀ ਸੰਗਤਾਂ ਦੇ ਹਵਾਈ ਸਫਰ ਲਈ ਫਲਾਈਟਾਂ 'ਚ ਵੀ ਵਾਧਾ ਕੀਤੇ ਜਾਣ ਦੀ ਪੂਰੀ ਸੰਭਾਵਨਾ ਹੈ



ਦੱਖਣੀ ਕੇਂਦਰੀ ਰੇਲਵੇ ਨਾਂਦੇੜ ਡਿਵੀਜ਼ਨ ਤੋਂ ਜਾਰੀ ਸੂਚੀ ਅਨੁਸਾਰ ਪਹਿਲੀ ਸਪੈਸ਼ਲ ਟ੍ਰੇਨ (04642,ਅੰਮ੍ਰਿਤਸਰ ਚੇਰਲਾਪੱਲੀ) 23 ਤੇ 24 ਜਨਵਰੀ ਨੂੰ ਸਵੇਰੇ 03.35 ਵਜੇ ਅੰਮ੍ਰਿਤਸਰ ਤੋਂ ਰਵਾਨਾ ਹੋਵੇਗੀ ਤੇ ਤੀਜੇ ਦਿਨ ਸਵੇਰੇ 03.30 ਵਜੇ ਚੇਰਲਾਪੱਲੀ(ਨਾਂਦੇੜ) ਪਹੁੰਚੇਗੀ,ਜਦਕਿ ਦੂਜੀ ਸਪੈਸ਼ਲ ਟ੍ਰੇਨ(04641,ਚੇਰਲਾਪੱਲੀ-ਅੰਮ੍ਰਿਤਸਰ ) 25 ਤੇ 26 ਜਨਵਰੀ ਨੂੰ ਚੇਰਲਾਪੱਲੀ(ਨਾਂਦੇੜ) ਤੋਂ ਦੁਪਹਿਰ 03.40 ਵਜੇ ਚੱਲ ਕੇ ਤੀਜੇ ਦਿਨ 03.10 ਵਜੇ ਅੰਮ੍ਰਿਤਸਰ ਪਹੁੰਚੇਗੀ।

ਤੀਜੀ ਸਪੈਸ਼ਲ ਟ੍ਰੇਨ (04524, ਚੰਡੀਗੜ੍ਹ-ਹਜ਼ੂਰ ਸਾਹਿਬ ਨਾਂਦੇੜ) 23 ਤੇ 24 ਜਨਵਰੀ ਨੂੰ ਸਵੇਰੇ 05.40 ਵਜੇ ਚੰਡੀਗੜ੍ਹ ਤੋਂ ਰਵਾਨਾ ਹੋਵੇਗੀ ਤੇ ਅਗਲੇ ਦਿਨ ਦੁਪਹਿਰ 01.30 ਵਜੇ ਹਜ਼ੂਰ ਸਾਹਿਬ ਨਾਂਦੇੜ ਪਹੁੰਚੇਗੀ,ਜਦਕਿ ਚੌਥੀ ਸਪੈਸ਼ਲ ਟ੍ਰੇਨ (04523,ਹਜ਼ੂਰ ਸਾਹਿਬ ਨਾਂਦੇੜ-ਚੰਡੀਗੜ੍ਹ) 25 ਤੇ 26 ਜਨਵਰੀ ਨੂੰ ਰਾਤ 9.00 ਵਜੇ ਹਜ਼ੂਰ ਸਾਹਿਬ ਨਾਂਦੇੜ ਤੋਂ ਚੱਲ ਕੇ ਤੀਜੇ ਦਿਨ ਸਵੇਰੇ 08.00 ਵਜੇ ਉਸੇ ਰੂਟ 'ਤੇ ਚੰਡੀਗੜ੍ਹ ਪਹੁੰਚੇਗੀ।

ਪੰਜਵੀਂ ਸਪੈਸ਼ਲ ਟ੍ਰੇਨ (04494,ਹਜ਼ਰਤ ਨਿਜ਼ਾਮੂਦੀਨ-ਹਜ਼ੂਰ ਸਾਹਿਬ ਨਾਂਦੇੜ) 23 ਤੇ 24 ਜਨਵਰੀ ਨੂੰ ਦਿੱਲੀ ਦੇ ਹਜ਼ਰਤ ਨਿਜ਼ਾਮੂਦੀਨ ਸ਼ਟੇਸ਼ਨ ਤੋਂ ਦੁਪਹਿਰ 12.30 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸ਼ਾਮ 4.20 ਵਜੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਪਹੁੰਚੇਗੀ,ਜਦਕਿ ਵਾਪਸੀ ਲਈ ਛੇਵੀਂ ਸ਼ਪੈਸ਼ਲ਼ ਟ੍ਰੇਨ (04493,ਹਜ਼ੂਰ ਸਾਹਿਬ ਨਾਂਦੇੜ-ਹਜ਼ਰਤ ਨਿਜ਼ਾਮੂਦੀਨ) 24 ਤੇ 25 ਜਨਵਰੀ ਨੂੰ ਰਾਤ 08.10 ਵਜੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਚੱਲ ਕੇ ਅਗਲੇ ਦਿਨ ਰਾਤ 11.20 ਵਜੇ ਵਾਪਸ ਹਜ਼ਰਤ ਨਿਜ਼ਾਮੂਦੀਨ ਪਹੁੰਚੇਗੀ।

### ਇਸ ਉਪਰਾਲੇ ਲਈ ਬਾਬਾ ਹਰਨਾਮ ਸਿੰਘ ਖਾਲਸਾ, ਜਥੇਦਾਰ ਕੁਲਵੰਤ ਸਿੰਘ ਤੇ ਰਾਮੇਸ਼ਵਰ ਨਾਇਕ ਨੇ ਮੁੱਖ ਮੰਤਰੀ ਫੜਨਵੀਸ ਦਾ ਕੀਤਾ ਧੰਨਵਾਦ

ਸੰਤ ਬਾਬਾ ਕੁਲਵੰਤ ਸਿੰਘ ਜਥੇਦਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ, ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਬਾਬਾ ਹਰਨਾਮ ਸਿੰਘ (ਮੁਖੀ ਦਮਦਮੀ ਟਕਸਾਲ) ਤੇ ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ, ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾ ਤੇ ਚਰਨਦੀਪ ਸਿੰਘ ਹੈਪੀ ਮੈਂਬਰ ਮਨਓਰਟੀ ਕਮਿਸ਼ਨ ਮਹਾਂਰਾਸ਼ਟਰ ਸਰਕਾਰ ਨੇ ਸੰਗਤਾਂ ਦੀ ਵੱਡੀ ਸਹੂਲਤ ਲਈ ਮੁੱਖ ਮੰਤਰੀ ਦਵਿੰਦਰ ਫੜਨਵੀਸ ਤੇ ਰੇਲਵੇ ਵਿਭਾਗ ਵਲੋਂ ਉਕਤ ਸਪੈਸ਼ਲ ਟ੍ਰੇਨਾਂ ਚਲਾਏ ਜਾਣ ਦੇ ਫੈਸਲੇ ਦਾ ਨਿੱਘਾ ਸਵਾਗਤ ਕਰਦਿਆਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ 24-25 ਜਨਵਰੀ ਨੂੰ ਵੱਡੀ ਗਿਣਤੀ 'ਚ ਹੁੰਮ ਹੁੰਮਾ ਕੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ 2 ਰੋਜ਼ਾ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ ਹੈ।


ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
ਭੋਗ



!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ
ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜ਼ਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel
https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

+91 98767-50784 +91 98767-50784

ਮਹਿਤਾ ਚੌਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Sanjay Foods
Mirch Masala
HSBC
Ladlee Direct
Chai Paani
Ross Walk Launderette
Shiva Shakti Foods
Roopkala Beauty Salon
Heena Tailor
Hyderabad Wala - Leicester
Cossington Recreation ground
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਸ਼੍ਰੋਮਣੀ ਕਮੇਟੀ ਵਫ਼ਦ ਨੇ ਦਿੱਲੀ ਦੇ ਪੁਲਿਸ ਕਮਿਸ਼ਨਰ ਨੂੰ ਮਿਲ ਕੇ ਆਪ ਆਗੂ ਆਤਿਸ਼ੀ ਵਿਰੁੱਧ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਉਣ 'ਤੇ ਕਾਰਵਾਈ ਦੀ ਕੀਤੀ ਮੰਗ

# ਦਿੱਲੀ ਵਿਧਾਨ ਸਭਾ 'ਚ ਗੁਰੂ ਸਾਹਿਬਾਨ ਬਾਰੇ ਵਰਤੇ ਸ਼ਬਦਾਂ ਲਈ ਪਰਚਾ ਦਰਜ ਕਰਨ ਲਈ ਦਿੱਤੀ ਦਰਖ਼ਾਸਤ

**ਨਵੀਂ ਦਿੱਲੀ, 21 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵਫ਼ਦ ਨੇ ਦਿੱਲੀ ਦੇ ਪੁਲਿਸ ਕਮਿਸ਼ਨਰ ਨੂੰ ਮਿਲ ਕੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੀ ਆਗੂ ਆਤਿਸ਼ੀ ਮਾਰਲੇਨਾ ਵੱਲੋਂ ਗੁਰੂ ਸਾਹਿਬਾਨ ਬਾਰੇ ਅਪਮਾਨਜਨਕ ਟਿੱਪਣੀਆਂ ਕਰਨ 'ਤੇ ਉਸ ਵਿਰੁੱਧ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ 'ਤੇ ਕੇਸ ਦਰਜ ਕਰਨ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਪੁਲਿਸ ਕਮਿਸ਼ਨਰ ਨੂੰ ਮਿਲਣ ਲਈ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਦੀ ਅਗਵਾਈ 'ਚ ਪੁੱਜੇ ਵਫ਼ਦ ਵਿਚ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸ. ਸੁਖਵਿੰਦਰ ਸਿੰਘ ਅਤੇ ਦਿੱਲੀ ਸਿੱਖ ਮਿਸ਼ਨ ਦੇ ਇੰਚਾਰਜ ਸ. ਮਨਵੀਤ ਸਿੰਘ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਕਮੇਟੀ ਵਫ਼ਦ ਵੱਲੋਂ ਪੁਲਿਸ ਕਮਿਸ਼ਨਰ ਨੂੰ ਦਿੱਤੀ ਦਰਖ਼ਾਸਤ ਵਿਚ ਕਿਹਾ ਗਿਆ ਕਿ 6 ਜਨਵਰੀ ਨੂੰ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਨੇ ਵਿਧਾਨ ਸਭਾ ਅੰਦਰ ਗੁਰੂ ਸਾਹਿਬਾਨ ਪ੍ਰਤੀ ਅਪਮਾਨਜਨਤਕ ਸ਼ਬਦ ਵਰਤਦਿਆਂ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਹੈ। ਉਸ ਵੱਲੋਂ ਵਰਤੇ ਗਏ ਸ਼ਬਦ ਵਿਧਾਨ ਸਭਾ ਦੀ ਕਾਰਵਾਈ ਵਿਚ ਵੀ ਦਰਜ ਹਨ। ਪੱਤਰ ਵਿਚ ਕਿਹਾ ਗਿਆ ਹੈ ਕਿ ਸਿੱਖ ਗੁਰੂ ਸਾਹਿਬਾਨ ਦੇ ਉਪਦੇਸ਼ ਸਮੁੱਚੀ ਮਾਨੁੱਖਤਾ ਲਈ ਰਾਹ-ਦਸੇਰਾ ਹਨ। ਸਿੱਖ ਕੌਮ ਹਮੇਸ਼ਾਂ ਹੀ ਗੁਰੂ ਸਾਹਿਬਾਨ ਦੇ ਸਿਧਾਂਤਾਂ ਅਨੁਸਾਰ ਜਾਤ, ਪਾਤ, ਨਸਲ, ਭੇਦ ਤੋਂ ਉਪਰ ਉੱਠ ਕੇ ਭਾਈਚਾਰਕ ਸਾਂਝ ਦੀ ਗੱਲ ਕਰਦੀ ਹੈ। ਦਿੱਲੀ ਦੀ ਆਪ ਆਗੂ ਵੱਲੋਂ ਗੁਰੂ ਸਾਹਿਬਾਨ ਵਿਰੁੱਧ ਟਿੱਪਣੀਆਂ ਨੇ ਦੁਨੀਆ ਭਰ ਅੰਦਰ ਵੱਸੇ ਸਿੱਖਾਂ ਦੀ ਧਾਰਮਿਕ ਭਾਵਨਾਵਾਂ ਬੁਰੀ ਤਰ੍ਹਾਂ ਠੇਸ ਪਹੁੰਚਾਈ ਹੈ। ਉਸ ਵੱਲੋਂ ਇਹ ਟਿੱਪਣੀਆਂ ਜਾਣਬੁੱਝ ਕੇ ਕੀਤੀਆਂ ਗਈਆਂ ਹਨ, ਜੋ ਉਸ ਦੀ ਸਿੱਖਾਂ ਪ੍ਰਤੀ ਮਾਨਸਿਕਤਾ ਨੂੰ ਬਿਆਨ ਕਰਦੀਆਂ ਹਨ।

ਪੁਲਿਸ ਕਮਿਸ਼ਨਰ ਨੂੰ ਲਿਖੇ ਪੱਤਰ ਵਿਚ ਜ਼ਿਕਰ ਕੀਤਾ ਗਿਆ ਕਿ ਇਸ ਸਮੇਂ ਜਦੋਂ ਭਾਰਤ ਸਮੇਤ ਪੂਰੀ ਦੁਨੀਆ ਅੰਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਮਨਾ ਕੇ ਉਨ੍ਹਾਂ ਵੱਲੋਂ ਕੀਤੀ ਕੁਰਬਾਨੀ ਨੂੰ ਯਾਦ ਕੀਤਾ ਜਾ ਰਿਹਾ ਹੈ ਤਾਂ ਅਜਿਹੇ ਸਮੇਂ ਲੋਕਾਂ ਵੱਲੋਂ ਚੁਣੇ ਹੋਏ ਨੁਮਾਇੰਦੇ ਦੁਆਰਾ ਗੁਰੂ ਸਾਹਿਬਾਨ ਪ੍ਰਤੀ ਅਜਿਹੀ ਸ਼ਬਦਾਵਲੀ ਵਰਤਣੀ ਬੇਹੱਦ ਮੰਦਭਾਗੀ ਹੈ। ਵਫ਼ਦ ਨੇ ਪੁਲਿਸ ਕਮਿਸ਼ਨਰ ਪਾਸੋਂ ਆਪ ਆਗੂ ਆਤਿਸ਼ੀ ਵਿਰੁੱਧ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਬਦਲੇ ਪਰਚਾ ਦਰਜ ਕਰਦਿਆਂ ਸਖ਼ਤ ਕਾਰਵਾਈ ਦੀ ਮੰਗ ਕੀਤੀ, ਤਾਂ ਜੋ ਅੱਗੇ ਤੋਂ ਕੋਈ ਵੀ ਸਿਆਸੀ ਆਗੂ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਹਰਕਤ ਨਾ ਕਰੇ।




ੴ ਕਲਿਜੁਗ ਮਹਿ ਕੀਰਤਨੁ ਪਰਧਾਨਾ
ਗੁਰਮੁਖਿ ਜਪੀਐ ਲਾਇ ਧਿਆਨਾ ॥
PLAY WAYS SENIOR SECONDARY SCHOOL
PATIALA
KNOWLEDGE IS LIGHT
Estd.1975
PLAY WAYS SR. SEC. SCHOOL
where winning is a habit
Cordially invites you to join the
Kirtan Darbar
on 51st Founders Day of the school
Thursday, 22nd January 2026
Kirtan By
Bhai Sarabjit Singh Ji Patna Sahib wale
11:00 am to 12:00 noon | Followed by Guru Ka Langar
Singh Sahib Giani Gurdyal Singh ji
Additional Head Granthi Takhat Sri Harimandir ji, Sri Patna Sahib
Singh Sahib Giani Baldev Singh Ji
Jathedar & Head Granthi Takhat Sri Harimandir ji, Sri Patna Sahib
Singh Sahib Giani Raghbir Singh Ji
Head Granthi Sri Darbar Sahib Amirtsar
Jathedar Baljit Singh Daduwal
Ambassador of Peace
Chairman, Dharam Prachar, HSGMC
Giani Gagandeep Singh ji
Hazuri Kathavachak Takhat Sri Harimandir ji, Sri Patna Sahib
S. Ajitpal Singh Kohli (MLA, Patiala)
President Alumni & Trustee, PWSSS
Dr. Rajdeep Singh
Chairman
Late Sdn. Tejinder Kaur
(22 January 1939 to 01 November 2020)
Foundress
Sdn. Harleen Kaur
Director
Sardarni Tejinder Kaur Marg, Patiala, Punjab, INDIA
FOR REGULAR UPDATES FOLLOW US ON /playwaysschool
ਆਵਾਜ਼ਿ ਕੌਮ AWAZE QAUM
International Newspaper & WEB TV

ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ

ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ

ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ

# ਗੁਰ ਭਗਤੀ ਸ਼ਬਦ ਜਾਪ

ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ

1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ

36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ

## 36 ਦਿਨ, 36 ਬਾਣੀਆਂ, 36 ਵਿਦਵਾਨ

**31 ਜਨਵਰੀ 2026**

**ਵਿਸ਼ਾ: ਸਵਯੇ ਸ੍ਰੀ ਮੁਖਬਾਕ੍ ਮਹਲਾ ੫**



ਰਾਗੀ ਸੰਤੋਖ ਸਿੰਘ



ਜਥੇਦਾਰ ਬਾਬਾ ਬਲਜੀਤ ਸਿੰਘ
ਦਾਦੂਵਾਲ

ਆਵਾਜ਼ਿ ਕੌਮ
AWAZE QAUM
International Newspaper & WEB TV



ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

ੴ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ਜੀ ॥



ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸੱਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੱਚਖੰਡਵਾਸੀ ਸ੍ਰੀ ਮਾਨ ਸੰਤ ਬਾਬਾ ਜਸਵੰਤ ਸਿੰਘ ਸਾਹਿਬ ਜੀ ਦੇ ਛੋਟੇ ਭਰਾਤਾ ਅਤੇ ਬਾਬਾ ਅਨਹਦਰਾਜ ਸਿੰਘ ਜੀ ਦੇ ਸਤਿਕਾਰ ਯੋਗ ਪਿਤਾ ਜੀ

## ਸਰਦਾਰ ਅਮਰਜੀਤ ਸਿੰਘ ਜੀ

ਮਿਤੀ 15/1/2026 ਨੂੰ ਅੰਮ੍ਰਿਤਵੇਲੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਸੱਚਖੰਡ ਜਾ ਬਿਰਾਜੇ ਹਨ।

**ਅੰਤਿਮ ਅਰਦਾਸ ਦੁਸ਼ਹਿਰਾ ਸਮਾਗਮ**

ਮਿਤੀ 24.01.2026 ਦਿਨ ਸ਼ਨੀਵਾਰ
ਦੁਪਹਿਰ 01:00 ਤੋਂ 02:00 ਵਜੇ ਤਕ
ਗੁਰਦੁਆਰਾ ਨਾਨਕਸਰ ਸਾਹਿਬ ਸਮਰਾਲਾ ਚੌਂਕ ਲੁਧਿਆਣਾ ਪੰਜਾਬ ਵਿਖੇ।

**ਬੇਨਤੀ ਕਰਤਾ**

ਡਾ. ਸ਼ਰਨਜੀਤ ਕੌਰ ਢਿੱਲੋਂ (ਪਤਨੀ) ਬਾਬਾ ਅਨਹਦ ਰਾਜ ਸਿੰਘ ਜੀ (ਸਪੁੱਤਰ)
+91 98140-23054

*Sardar Amarjeet Singh Ji*

(Younger brother of H.H Sant Baba Jaswant Singh Ji)

- FMR. Solicitor General Supreme Court of India
- Member Law Commission of India
- Vice Chairman BJS Dental College

Has completed his journey of life &
left for his heavenly abode on 15/01/2026

**ANTIM ARDAS**

24 January 2026, Saturday
01:00 PM to 02:00 PM
At Gurudwara Nanaksar Samrala Chowk
Ludhiana(Punjab)

**Benti from**

Wife : Dr. Sharanjeet Kaur Dhillon
Son : Dr. Baba Anhad Raj Singh Ji
Contact : +91 98140-23054

# ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਲੰਧਰ ਦੇ ਮਾਹਲ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਬੇਅਦਬੀ ਦੀ ਘਟਨਾ ਵਿੱਚ ਜਾਂਚ ਦੇ ਆਦੇਸ਼, ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਲਈ ਕਿਹਾ

**ਸ੍ਰੀ ਅੰਮ੍ਰਿਤਸਰ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜਲੰਧਰ ਜ਼ਿਲ੍ਹੇ ਦੇ ਮਾਹਲ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਸ਼ਰਾਰਤੀ ਅਨਸਰਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗ ਪਾੜ ਕੇ ਕੀਤੀ ਗਈ ਬੇਅਦਬੀ ਦਾ ਸਖ਼ਤ ਨੋਟਿਸ ਲੈਂਦਿਆਂ ਇਸ ਘਟਨਾ ਦੀ ਜਾਂਚ ਦੇ ਆਦੇਸ਼ ਦਿੱਤੇ ਹਨ। ਉਨ੍ਹਾਂ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਾਡੇ ਜਾਗਤ ਜੋਤ ਗੁਰੂ ਹਨ, ਜਿਨ੍ਹਾਂ ਕਰਕੇ ਸਾਡੀ ਹੋਂਦ ਹੈ, ਇਸ ਲਈ ਗੁਰੂ ਸਾਹਿਬ ਜੀ ਦੇ ਮਾਣ ਸਤਿਕਾਰ ਨਾਲ ਸਾਨੂੰ ਕਿਸੇ ਤਰ੍ਹਾਂ ਦਾ ਵੀ ਸਮਝੌਤਾ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਗੁਰਦੁਆਰਾ ਸਾਹਿਬ ਅੰਦਰ ਹਰ ਸਮੇਂ ਪਹਿਰੇਦਾਰੀ, ਗੁਰੂ ਘਰ ਦੇ ਪ੍ਰਬੰਧ ਪੁਖਤਾ ਅਤੇ ਸੁਰੱਖਿਅਤ ਬਣਾਉਣ ਵਿੱਚ ਸਾਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਈ ਥਾਵਾਂ ਉੱਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਵਿੱਚ ਅਜੇ ਵੀ ਢਿਲਾਈ ਵਰਤੀ ਜਾ ਰਹੀ ਹੈ, ਜੋ ਦਰਸਾਉਂਦਾ ਹੈ ਕਿ ਪ੍ਰਬੰਧਕਾਂ ਲਈ ਗੁਰੂ ਸਾਹਿਬ ਜੀ ਦੇ ਮਾਣ ਸਤਿਕਾਰ ਨਾਲੋਂ ਵਧੇਰੇ ਜ਼ਰੂਰੀ ਆਪਣੀ ਚੌਧਰ ਹੈ। ਉਨ੍ਹਾਂ ਸਿੱਖ ਸੰਗਤ ਨੂੰ ਤਾਕੀਦ ਕੀਤੀ ਕਿ ਆਪੋ-ਆਪਣੇ ਗੁਰਦੁਆਰਾ ਸਾਹਿਬਾਨ ਵਿਖੇ ਹਰ ਸਮੇਂ ਪਹਿਰੇਦਾਰੀ, ਚੱਲਦੀ ਹਾਲਤ ਵਿੱਚ ਕੈਮਰਿਆਂ ਦਾ ਪ੍ਰਬੰਧ ਯਕੀਨੀ ਬਣਾਉਣ।



ਪ੍ਰਾਪਤ ਮੁੱਢਲੀ ਜਾਣਕਾਰੀ ਅਨੁਸਾਰ ਬੀਤੇ ਕੱਲ੍ਹ ਸੰਧਿਆ ਵੇਲੇ ਸ਼ਰਾਰਤੀ ਅਨਸਰਾਂ ਵੱਲੋਂ ਮਾਹਲ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਬੱਚੇ ਵੱਲੋਂ ਗੁਰੂ ਸਾਹਿਬ ਜੀ ਦੇ ਪਾਵਨ ਅੰਗਾਂ ਦੀ ਬੇਅਦਬੀ ਕਰਵਾ ਕੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਗਈ ਹੈ, ਜਿਸ ਨਾਲ ਸੰਗਤਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਅਤੇ ਇਲਾਕੇ ਦੇ ਮੈਂਬਰਾਂ ਨਾਲ ਗੱਲ ਕਰਕੇ ਉਨ੍ਹਾਂ ਨੂੰ ਸਮੁੱਚੀ ਘਟਨਾ ਦੀ ਨਿਰਪੱਖ ਜਾਂਚ ਯਕੀਨੀ ਬਣਾਉਣ ਲਈ ਆਖਿਆ ਹੈ। ਜਥੇਦਾਰ ਗੜਗੱਜ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ ਨੂੰ ਆਦੇਸ਼ ਕੀਤਾ ਗਿਆ ਹੈ ਕਿ ਉਹ ਤਖ਼ਤ ਸਾਹਿਬ ਤੋਂ ਇੱਕ ਟੀਮ ਅੱਜ ਹੀ ਲੈ ਕੇ ਘਟਨਾ ਵਾਲੇ ਸਥਾਨ ਉੱਤੇ ਪਹੁੰਚਣ ਅਤੇ ਗੁਰਦੁਆਰਾ ਸਾਹਿਬ ਦੇ ਸਮੁੱਚੇ ਪ੍ਰਬੰਧਾਂ ਅਤੇ ਬੇਅਦਬੀ ਸਬੰਧੀ ਰਿਪੋਰਟ ਭੇਜਣ। ਉਨ੍ਹਾਂ ਕਿਹਾ ਕਿ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਵੀ ਘਟਨਾ ਵਾਲੀ ਥਾਂ ਉੱਤੇ ਪਹੁੰਚ ਕੇ ਸਮੁੱਚਾ ਜਾਇਜ਼ਾ ਲੈਣਗੇ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਇਹ ਬੇਅਦਬੀ ਕਰਵਾਉਣ ਵਾਲੇ ਸਾਜ਼ਸ਼ਘਾੜਿਆਂ ਅਤੇ ਮੁੱਖ ਦੋਸ਼ੀਆਂ ਦੀ ਪਛਾਣ ਜਲਦ ਹੀ ਨਸ਼ਰ ਕਰਨ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਲਈ ਆਖਿਆ।

ਉਨ੍ਹਾਂ ਕਿਹਾ ਕਿ ਇਹ ਜਾਣਕਾਰੀ ਵੀ ਪ੍ਰਾਪਤ ਹੋ ਰਹੀ ਹੈ ਕਿ ਸਬੰਧਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਰੀ ਹਦਾਇਤਾਂ ਮੁਤਾਬਕ ਪ੍ਰਬੰਧ ਪੁਖਤਾ ਨਹੀਂ ਹਨ ਅਤੇ ਜੇਕਰ ਅਜਿਹਾ ਪਾਇਆ ਜਾਂਦਾ ਹੈ ਤਾਂ ਇਸ ਮਾਮਲੇ ਵਿੱਚ ਪ੍ਰਬੰਧਕਾਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਅਣਪਛਾਤੇ ਵਾਹਨ ਦੀ ਟੱਕਰ ਨਾਲ ਨੌਜਵਾਨ ਮਜ਼ਦੂਰ ਦੀ ਹੋਈ ਮੌਤ

ਤਲਵੰਡੀ ਸਾਬੋ, 21 ਜਨਵਰੀ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾ ਰਾਮ ਤੀਰਥ ਵਿਖੇ ਉਸ ਸਮੇਂ ਸੋਗ ਦੀ ਲਹਿਰ ਦੌੜ ਗਈ ਜਦੋਂ ਇਕ ਨੌਜਵਾਨ ਲੜਕੇ ਦੀ ਐਕਸੀਡੈਂਟ ਹੋਣ ਨਾਲ ਮੌਤ ਦਾ ਸਮਾਚਾਰ ਪ੍ਰਾਪਤ ਹੋਇਆ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਅਮਰ ਸਿੰਘ ਪੁੱਤਰ ਗੁਰਮੇਲ ਸਿੰਘ ਜੋ ਕਿ ਮਜ਼ਦੂਰੀ ਦਾ ਕੰਮ ਕਰਨ ਲਈ ਰਾਮਾ ਮੰਡੀ ਜਾਂਦਾ ਹੁੰਦਾ ਸੀ ਜਦੋਂ ਉਹ ਮਜ਼ਦੂਰੀ ਕਰਕੇ ਸ਼ਾਮ ਨੂੰ ਆਪਣੇ ਸਾਥੀਆਂ ਸਮੇਤ ਮੋਟਰ ਸਾਈਕਲ 'ਤੇ ਵਾਪਸ ਆ ਰਹੇ ਸਨ ਤਾਂ ਤਲਵੰਡੀ ਸਾਬੋ ਦੇ ਰਵੀਦਾਸ ਚੌਂਕ ਕੋਲ ਉਹਨਾਂ ਨੂੰ ਕੋਈ ਅਣਪਛਾਤਾ ਵਾਹਨ ਟੱਕਰ ਮਾਰ ਗਿਆ ਅਤੇ ਵਾਹਨ ਨੂੰ ਡਰਾਈਵਰ ਭੱਜਣ 'ਚ ਕਾਮਯਾਬ ਹੋ ਗਿਆ। ਟੱਕਰ ਵੱਜਣ ਨਾਲ ਅਮਰ ਸਿੰਘ ਦੇ ਗੰਭੀਰ ਸੱਟਾਂ ਲੱਗੀਆਂ ਜਿਸ ਨੂੰ ਤਲਵੰਡੀ ਸਾਬੋ ਦੇ ਸ਼ਹੀਦ ਬਾਬਾ ਦੀਪ ਸਿੰਘ ਹਸਪਤਾਲ ਵਿਖੇ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇ ਕੇ ਉਨਾਂ ਨੂੰ ਏਮਜ ਰੈਫਰ ਕਰ ਦਿੱਤਾ। ਏਮਜ ਹਸਪਤਾਲ ਪਹੁੰਚਣ 'ਤੇ ਡਾਕਟਰਾਂ ਨੇ ਅਮਰ ਸਿੰਘ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਥਾਣਾ ਤਲਵੰਡੀ ਸਾਬੋ ਦੀ ਪੁਲਿਸ ਵੱਲੋਂ ਮ੍ਰਿਤਕ ਵਿਅਕਤੀ ਦੇ ਪਿਤਾ ਗੁਰਮੇਲ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਵਾਹਨ 'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਇੱਥੇ ਦੱਸਣਾ ਇਹ ਵੀ ਬਣਦਾ ਹੈ ਕਿ ਮ੍ਰਿਤਕ ਘਰ ਵਿੱਚ ਇਕੱਲਾ ਹੀ ਕਮਾਈ ਕਰਨ ਵਾਲਾ ਸੀ ਜਿਸ 'ਤੇ ਘਰ ਦਾ ਗੁਜ਼ਾਰਾ ਚਲਦਾ ਸੀ। ਪਿੰਡ ਦੇ ਮੋਹਤਬਰਾਂ ਅਤੇ ਪਿੰਡ ਦੀ ਪੰਚਾਇਤ ਨੇ ਇਸ ਗਰੀਬ ਪਰਿਵਾਰ ਦੀ ਮਦਦ ਲਈ ਪੰਜਾਬ ਸਰਕਾਰ ਅਤੇ ਸਮਾਜ ਸੇਵੀਆਂ ਨੂੰ ਉਹ ਅਪੀਲ ਕੀਤੀ ਹੈ ਕਿ ਇਸ ਪਰਿਵਾਰ ਦੀ ਮੱਦਦ ਕੀਤੀ ਜਾਵੇ।



# ਪੰਜਾਬ ਦੇ ਵਿਕਾਸ ਅਤੇ ਖੁਸ਼ਹਾਲੀ ਲਈ ਲੋਕ ਚਾਹੁੰਦੇ ਹਨ 'ਕਾਂਗਰਸ ਦੀ ਸਰਕਾਰ' :

**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਵਿਕਾਸ ਦੀਆਂ ਗੱਲਾਂ ਤਾਂ ਕਰਦੀ ਹੈ, ਪਰ ਵਿਕਾਸ ਨਾਂਅ ਦੀ ਚੀਜ ਪੰਜਾਬ ਦੇ ਕਿਸੇ ਵੀ ਜ਼ਿਲੇ ਜਾਂ ਹਲਕੇ 'ਚ ਨਜ਼ਰ ਨਹੀਂ ਆਉਂਦੀ, ਉਥੇ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਅਸਫ਼ਲ ਸਾਬਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮਹਿਲ ਕਲਾਂ ਤੋਂ ਕਾਂਗਰਸ ਪਾਰਟੀ ਦੇ ਪ੍ਰਮੁੱਖ ਦਾਅਵੇਦਾਰ, ਸਮਾਜ ਸੇਵੀ ਗੁਰਮੇਲ ਸਿੰਘ ਮੌੜ ਨੇ ਕੀਤਾ। ਉਨ੍ਹਾਂ ਕਿਹਾ ਕਿ ਬਜਾਰਾਂ ਵਿੱਚ ਸ਼ਰੇਆਮ ਨਿੱਤ ਦਿਨ ਗੋਲੀਆਂ ਚਲ ਰਹੀਆਂ ਹਨ, ਲੁੱਟਾਂ-ਖੋਹਾਂ ਹੋ ਰਹੀਆਂ ਹਨ ਅਤੇ ਅਫਸਰਸ਼ਾਹੀ ਲੋਕਾਂ ਦੇ ਕੰਮ ਨਹੀਂ ਕਰ ਰਹੀ, ਜਿਸ ਕਰਕੇ ਲੋਕ, ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਤੋਂ ਪੂਰੀ ਤਰ੍ਹਾਂ ਨਿਰਾਸ਼ ਹੋ ਚੁੱਕੇ ਹਨ ਅਤੇ ਪੰਜਾਬ ਦੇ ਸਰਬ-ਪੱਖੀ ਵਿਕਾਸ ਅਤੇ ਤਰੱਕੀ ਦੇ ਲਈ ਮੁੜ ਕਾਂਗਰਸ ਸਰਕਾਰ ਲਿਆਉਣ ਦਾ ਮੰਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦਾ ਸਰਬ ਪੱਖੀ ਵਿਕਾਸ ਹੋਇਆ ਹੈ, ਤਾਂ ਕੇਵਲ ਕਾਂਗਰਸ ਦੀ ਸਰਕਾਰਾਂ ਵੇਲੇ ਹੀ ਹੋਇਆ ਹੈ। ਕਾਂਗਰਸ ਨੇ ਬਿਨ੍ਹਾਂ ਕਿਸੇ ਵਿਤਕਰੇ ਦੇ ਵਿਕਾਸ ਕਾਰਜ ਕੀਤੇ ਹਨ, ਜਿਸ ਕਰਕੇ ਲੋਕ ਵਿਧਾਨ ਸਭਾ ਦੀਆਂ ਚੋਣਾਂ ਉਡੀਕ ਰਹੇ ਹਨ, ਤਾਂਕਿ ਆਮ ਆਦਮੀ ਪਾਰਟੀ ਅਤੇ ਬਾਦਲਕਿਆਂ ਦਾ ਸੂਪੜਾ ਸਾਫ਼ ਕਰਕੇ ਪੰਜਾਬ ਦਾ ਰਾਜਭਾਗ ਮੁੜ ਕਾਂਗਰਸ ਨੂੰ ਸੌਂਪਿਆ ਜਾ ਸਕੇ।



**26 ਜਨਵਰੀ 1986 ਚ ਹੋਏ ਸਰਬੱਤ ਖਾਲਸਾ ਦੇ ਫੈਸਲਿਆ ਦੀ ਮੁੜ ਬਚਨਬਧਤਾ ਦੁਹਰਾਉਣ ਲਈ**

# ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਵਹੀਰਾਂ ਘਤਣ ਦੀ ਅਪੀਲ: ਪੰਥਕ ਜਥੇਬੰਦੀਆਂ ਜਰਮਨੀ

**ਨਵੀਂ ਦਿੱਲੀ 21 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਦੇ ਹੁਕਮਰਾਨ ਵੱਲੋਂ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਸ੍ਰੀ ਅਕਾਲ ਤਖਤ ਸਾਹਿਬ ਸਮੇਤ 37 ਹੋਰ ਗੁਰਧਾਮਾਂ ਤੇ ਹਮਲਾ ਕੀਤਾ ਗਿਆ। ਇਸ ਦੁਖਾਂਤ ਨੂੰ ਸਿੱਖ ਕੌਮ ਨੇ ਤੀਜੇ ਘੱਲੂਘਾਰੇ ਦਾ ਨਾਮ ਦਿੱਤਾ। ਕਿਓਕਿ ਇਹ ਉਸ ਦੇਸ਼ ਦੀ ਫੌਜ ਵੱਲੋਂ ਕੀਤਾ ਗਿਆ ਸੀ ਜਿਸ ਨੂੰ ਅਸੀਂ ਅਪਣਾ ਦੇਸ਼ ਮੰਨਦੇ ਸੀ। ਇਸ ਘੱਲੂਘਾਰੇ ਦੌਰਾਨ ਹਜਾਰਾ ਹੀ ਨਿਰਦੋਸ਼ ਨਿਹੱਥੇ ਸਰਧਾਲੂਆਂ ਨੂੰ ਸੋਚੀ ਸਮਝੀ ਸਾਜ਼ਸ਼ ਤਹਿਤ ਬੜੀ ਬੇਰਿਹਮੀ ਨਾਲ ਮੌਤ ਦੇ ਮੂੰਹ ਚ ਪਾਅ ਦਿੱਤਾ ਗਿਆ। ਇਸ ਦੁਖਾਂਤ ਤੋਂ ਬਾਅਦ ਸਿੱਖਾਂ ਨੇ ਮਹਿਸੂਸ ਕੀਤਾ ਕਿ ਇੱਕ ਅਕਾਲ ਤਖ਼ਤ ਤੇ ਸਮੂਹਿਕ ਤੌਰ ਤੇ ਇਕੱਤਰ ਹੋ ਕੌਮ ਦੇ ਭਵਿੱਖ ਲਈ ਕੋਈ ਗੁਰਮਤਾ ਕੀਤਾ ਜਾਵੇ। 26 ਜਨਵਰੀ 1986 ਨੂੰ ਸਰਬੱਤ ਖ਼ਾਲਸਾ ਸੱਦ ਸਰਬਸੰਮਤੀ ਨਾਲ ਕੌਮ ਦੇ ਉੱਜਲ ਭਵਿੱਖ ਵੱਖਰੇ ਕੌਮੀ ਘਰ ਖਾਲਿਸਤਾਨ ਦੀ ਪ੍ਰਾਪਤੀ ਲਈ ਜਿਹੜੇ ਫ਼ੈਸਲੇ ਕੀਤੇ ਗਏ ਉਹਨਾਂ ਫੈਸਲਿਆ ਤੇ ਵਚਨਬੱਧਤਾ ਦੁਹਰਾਉਂਣ ਲਈ 40 ਸਾਲ ਬਾਅਦ ਮੁੜ ਸਮੁੱਚੇ ਪੰਥ ਨੂੰ ਇਕੱਤਰ ਕਰਨ ਲਈ ਪੰਥਕ ਜਥੇਬੰਦੀਆਂ ਵੱਲੋਂ ਸਾਝਾਂ ਫੈਸਲਾ ਕੀਤਾ ਗਿਆ ਹੈ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਬੱਬਰ ਖਾਲਸਾ ਜਰਮਨੀ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਦਲ ਖਾਲਸਾ ਜਰਮਨੀ ਭਾਈ ਅੰਗਰੇਜ਼ ਸਿੰਘ ਭਾਈ ਹਰਮੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਇੰਟਰਨੈਸਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ ਵੱਲੋਂ ਸਮੂੱਹ ਸਿੱਖ ਸੰਸਥਾਵਾਂ, ਸਿੱਖ ਜੱਥੇਬੰਦੀਆਂ, ਨਹਿੰਗ ਸਿੰਘ ਜਥੇਬੰਦੀਆਂ, ਟਕਸਾਲਾਂ, ਸੰਪਰਦਾਵਾਂ, ਫੈਡਰੇਸ਼ਨਾਂ, ਸਮੁੱਚੇ ਪੰਥ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ 26 ਜਨਵਰੀ 2026 ਨੂੰ ਵਹੀਰਾਂ ਘੱਤ ਕੇ ਪਹੁੰਚਾਉਣ ਦੀ ਬੇਨਤੀ ਕਰਦਿਆਂ ਹੋਇਆਂ ਜਰਮਨ ਦੀ ਸੰਗਤ ਨੂੰ ਭਾਰਤੀ ਦੇ ਫਰੈਕਫੋਰਟ ਜਰਮਨੀ ਸਫ਼ਾਰਤਖ਼ਾਨੇ ਸਾਹਮਣੇ ਪੰਥਕ ਜਥੇਬੰਦੀਆਂ ਵੱਲੋਂ ਹੋ ਰਹੇ ਰੋਸ ਮੁਜ਼ਾਹਰੇ ਚ ਪਹੁੰਚਣ ਦੀ ਵੀ ਅਪੀਲ ਕਰਦੇ ਹਾਂ।






### ਪੈਟਰੋਲਿਯਮ ਉਤਪਾਦਾਂ ਦੇ ਸੁਰੱਖਿਅਤ ਆਵਾਜਾਈ ਲਈ ਐਚਐਮਈਐਲ ਰਿਫ਼ਾਈਨਰੀ ਵਿੱਚ ਤਿੰਨ ਦਿਨਾਂ ਦਾ ਏਕੀਕ੍ਰਿਤ ਸੁਰੱਖਿਆ ਪ੍ਰਸ਼ਿਕਸ਼ਣ ਸਮਾਗਮ

# ਆਰਟੀਓ ਵੱਲੋਂ ਟੈਂਕਰ ਟਰੱਕ ਚਾਲਕ ਦਲ ਨੂੰ ਸਾਰੇ ਸੁਰੱਖਿਆ ਪ੍ਰੋਟੋਕਾਲਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ

ਤਲਵੰਡੀ ਸਾਬੋ, 21 ਜਨਵਰੀ (ਗੁਰਜੰਟ ਸਿੰਘ ਨਥੇਹਾ)- ਪੈਟਰੋਲਿਯਮ ਉਤਪਾਦਾਂ ਦੀ ਸੁਰੱਖਿਅਤ ਆਵਾਜਾਈ ਨੂੰ ਹੋਰ ਮਜ਼ਬੂਤ ਕਰਨ ਅਤੇ ਐਚਐਮਈਐਲ ਪਲੱਸ ਵਿਜ਼ਨ ਦੇ ਅਨੁਕੂਲ, ਐਚਪੀਸੀਐਲ ਮਿੱਤਲ ਐਨਰਜੀ ਲਿਮਿਟਡ (ਐਚਐਮਈਐਲ) ਵੱਲੋਂ ਸੜਕ ਸੁਰੱਖਿਆ ਹਫ਼ਤੇ ਦੇ ਮੌਕੇ 'ਤੇ 20 ਤੋਂ 22 ਜਨਵਰੀ 2026 ਤੱਕ ਟੈਂਕਰ ਟਰੱਕ (ਟੀਟੀ) ਚਾਲਕ ਦਲ ਲਈ ਤਿੰਨ ਦਿਨਾਂ ਦਾ ਏਕੀਕ੍ਰਿਤ ਸੁਰੱਖਿਆ ਪ੍ਰਸ਼ਿਕਸ਼ਣ ਕਾਰਜਕ੍ਰਮ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫ਼ਾਈਨਰੀ ਫੁੱਲੋ ਖਾਰੀ ਵਿੱਚ ਆਯੋਜਿਤ ਕੀਤਾ ਗਿਆ। ਕਾਰਜਕ੍ਰਮ ਦੀ ਸ਼ੁਰੂਆਤ ਰਵਾਇਤੀ ਦੀਪ ਪ੍ਰਜਵਲਨ ਨਾਲ ਕੀਤੀ ਗਈ। ਇਸ ਮੌਕੇ 'ਤੇ ਸ਼੍ਰੀ ਪੁਨੀਤ ਸ਼ਰਮਾ (ਆਰਟੀਓ, ਬਠਿੰਡਾ), ਸ਼੍ਰੀ ਪੰਕਜ ਬੰਸਲ (ਐਸਡੀਐਮ, ਤਲਵੰਡੀ ਸਾਬੋ), ਸ਼੍ਰੀ ਹੈਕਟਰ ਸਾਲਾਜ਼ਾਰ (ਉਪ ਪ੍ਰਧਾਨ-ਸੁਰੱਖਿਆ, ਐਚਐਮਈਐਲ), ਸ਼੍ਰੀ ਵਿਸ਼ਵਾਸ ਗੌਰ (ਹੈੱਡ ਮਾਰਕੀਟਿੰਗ), ਸ਼੍ਰੀ ਗੁਲਸ਼ਨ ਗੋਂਬਰ (ਡੀਜੀਐਮ ਮਾਰਕੀਟਿੰਗ) ਅਤੇ ਪ੍ਰਸਿੱਧ ਸੜਕ ਸੁਰੱਖਿਆ ਵਿਸ਼ੇਸ਼ਿਗਆ ਕਰਨਲ ਆਰ. ਕੇ. ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਆਪਣੇ ਸੰਬੋਧਨ ਵਿੱਚ ਆਰਟੀਓ ਬਠਿੰਡਾ ਸ਼੍ਰੀ ਪੁਨੀਤ ਸ਼ਰਮਾ ਨੇ ਦੇਸ਼ ਵਿੱਚ ਵਧ ਰਹੀਆਂ ਸੜਕ ਹਾਦਸਿਆਂ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਐਸੇ ਸੰਰਚਿਤ ਪ੍ਰਸ਼ਿਕਸ਼ਣ ਕਾਰਜਕ੍ਰਮਾਂ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਟੈਂਕਰ ਟਰੱਕ ਚਾਲਕ ਦਲ ਨੂੰ ਸਾਰੇ ਸੁਰੱਖਿਆ ਪ੍ਰੋਟੋਕਾਲਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕਰਦਿਆਂ ਪੈਟਰੋਲਿਯਮ ਵਰਗੇ ਖ਼ਤਰਨਾਕ ਉਤਪਾਦਾਂ ਦੀ ਸੁਰੱਖਿਅਤ ਆਵਾਜਾਈ ਵਿੱਚ ਉਨ੍ਹਾਂ ਦੀ ਅਹਿਮ ਜ਼ਿੰਮੇਵਾਰੀ ਉਜਾਗਰ ਕੀਤੀ। ਸ਼੍ਰੀ ਹੈਕਟਰ ਸਾਲਾਜ਼ਾਰ ਫਲੋਰੇਸ, ਉਪ ਪ੍ਰਧਾਨ ਸੁਰੱਖਿਆ, ਐਚਐਮਈਐਲ, ਨੇ ਇਸ ਪਹਿਲ ਦੀ ਸਰਾਹਨਾ ਕਰਦਿਆਂ ਕਿਹਾ ਕਿ ਸਰਗਰਮ ਸੁਰੱਖਿਆ ਕਦਮ ਹਾਦਸਿਆਂ ਦੀ ਰੋਕਥਾਮ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਭਾਗੀਦਾਰਾਂ ਨੂੰ ਪ੍ਰਸ਼ਿਕਸ਼ਣ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਘਟਨਾ ਅਤੇ ਚੋਟ ਮੁਕਤ ਕਾਰਜਸਥਲ ਪ੍ਰਤੀ ਐਚਐਮਈਐਲ ਦੀ ਵਚਨਬੱਧਤਾ ਨੂੰ ਦੁਹਰਾਇਆ। ਗਾਹਕਾਂ ਅਤੇ ਰਿਫ਼ਾਈਨਰੀ ਦਰਮਿਆਨ ਅਹਿਮ ਕੜੀ 'ਤੇ ਰੋਸ਼ਨੀ ਪਾਉਂਦੇ ਹੋਏ ਸ਼੍ਰੀ ਬੇਨੂਧਰ ਸੇਠੀ ਨੇ ਕਿਹਾ ਕਿ ਟੈਂਕਰ ਟਰੱਕ ਚਾਲਕ ਦਲ ਪੈਟਰੋਲਿਯਮ ਉਤਪਾਦਾਂ ਦੀ ਸੁਰੱਖਿਅਤ, ਨਿਯਮਾਂ ਅਨੁਸਾਰ ਅਤੇ ਸਮੇਂ-ਸਿਰ ਡਿਲਿਵਰੀ ਯਕੀਨੀ ਬਣਾਉਣ ਵਿੱਚ ਕੇਂਦਰੀ ਭੂਮਿਕਾ ਨਿਭਾਉਂਦੇ ਹਨ। ਕਾਰਜਕ੍ਰਮ ਦੇ ਸਮਾਪਨ ਮੌਕੇ 'ਤੇ ਸ਼੍ਰੀ ਗੁਲਸ਼ਨ ਗੋਂਬਰ ਨੇ ਟੈਂਕਰ ਟਰੱਕ ਚਾਲਕ ਦਲ ਸਮੁਦਾਇ ਨੂੰ ਇਸ ਮਹੱਤਵਪੂਰਨ ਪ੍ਰਸ਼ਿਕਸ਼ਣ ਕਾਰਜਕ੍ਰਮ ਵਿੱਚ ਉਤਸ਼ਾਹ ਨਾਲ ਭਾਗ ਲੈਣ ਦੀ ਅਪੀਲ ਕੀਤੀ। ਤਿੰਨ ਦਿਨਾਂ ਦੇ ਇਸ ਪ੍ਰਸ਼ਿਕਸ਼ਣ ਕਾਰਜਕ੍ਰਮ ਵਿੱਚ ਐਮਰਜੈਂਸੀ ਰਿਸਪਾਂਸ, ਸੜਕ ਸੁਰੱਖਿਆ, ਅੱਗ ਸੁਰੱਖਿਆ ਅਤੇ ਕਾਨੂੰਨੀ ਅਨੁਕੂਲਤਾ ਵਰਗੇ ਅਹਿਮ ਵਿਸ਼ੇ ਸ਼ਾਮਲ ਹਨ, ਜੋ ਪੈਟਰੋਲਿਯਮ ਉਤਪਾਦਾਂ ਦੀ ਆਵਾਜਾਈ ਵਿੱਚ ਸੁਰੱਖਿਆ ਮਿਆਰਾਂ ਨੂੰ ਨਵੀਂ ਉਚਾਈਆਂ ਤੱਕ ਲੈ ਜਾਣ ਵੱਲ ਇੱਕ ਅਹਿਮ ਕਦਮ ਹੈ।









## 20 ਜਨਵਰੀ 1986 ਵਾਲੇ ਦਿਨ, ਪਾਕਿਸਤਾਨ ਵਿਖੇ ਲਾਹੌਰ ਦੀ ਇਕ ਅਦਾਲਤ ਵੱਲੋਂ

# ਏਅਰ ਇੰਡੀਆ ਦੇ ਦੋਹਾਂ ਜਹਾਜ਼ਾਂ ਦੇ ਹਾਈਜੈਕਰਾਂ ਦੇ ਕੇਸਾਂ ਦਾ ਫੈਸਲਾ ਸੁਣਾਇਆ ਗਿਆ




ਕੋਟਲਖਪਤ (ਪਾਕਿਸਤਾਨ) ਜੇਲ੍ਹ ਲਾਹੌਰ 'ਚ ਫਾਂਸੀ ਦੇਣ ਵਾਲਾ ਤਖ਼ਤਾ




ਫਾਂਸੀ ਦੀ ਕੋਠੀ 'ਚ ਕੈਦ ਭਾਈ ਹਰਮਿੰਦਰ ਸਿੰਘ ਖਾਲਸਾ



ਭਾਈ ਕਰਨ ਸਿੰਘ (ਮਾਸਟਰ)



ਭਾਈ ਗੁਰਦੀਪ ਸਿੰਘ ਪਰਦੇਸੀ



ਭਾਈ ਹਰਮਿੰਦਰ ਸਿੰਘ ਖਾਲਸਾ

20 ਜਨਵਰੀ 1986 ਵਾਲੇ ਦਿਨ, ਪਾਕਿਸਤਾਨ ਵਿਖੇ ਲਾਹੌਰ ਦੀ ਇਕ ਅਦਾਲਤ ਵੱਲੋਂ ਏਅਰ ਇੰਡੀਆ ਦੇ ਦੋਹਾਂ ਜਹਾਜ਼ਾਂ ਦੇ ਹਾਈਜੈਕਰਾਂ ਭਾਵ ਪਹਿਲੇ ਅਤੇ ਦੂਸਰੇ ਜਹਾਜ਼ ਨੂੰ ਅਗਵਾਹ ਕਰ ਕੇ ਲਾਹੌਰ ਲੈ ਜਾਣ ਵਾਲੇ, ਅਗਵਾਕਾਰ ਗੁਰਸਿੱਖਾਂ ਦੇ ਕੇਸਾਂ ਦਾ ਫੈਸਲਾ ਸੁਣਾਇਆ ਗਿਆ।

29 ਸਤੰਬਰ 1981 ਵਾਲੇ ਦਿਨ ਦੱਲ ਖਾਲਸਾ ਦੇ ਮੁੱਖ ਪੰਚ ਸਿਰਦਾਰ ਗਜਿੰਦਰ ਸਿੰਘ, ਆਪਣੇ ਚਾਰ ਸਾਥੀਆਂ ਦੇ ਨਾਲ ਏਅਰ ਇੰਡੀਆ ਦੇ ਹਵਾਈ ਜਹਾਜ਼ ਨੂੰ ਭਾਰਤ ਦੀ ਰਾਜਧਾਨੀ ਦਿੱਲੀ ਤੂੰ ਅਗਵਾ ਕਰਕੇ ਲਾਹੌਰ ਲੈ ਗਏ ਸਨ। ਏਅਰ ਇੰਡੀਆ ਦੇ ਇਸ ਜਹਾਜ਼ ਵਿੱਚ 111ਮੁਸਾਫਰਾਂ ਦੇ ਨਾਲ ਅਮਲੇ ਦੇ ਛੇ ਮੈਂਬਰ ਵੀ ਸਵਾਰ ਸਨ ।ਅਗਵਾ ਹੋਏ ਇਸ ਜਹਾਜ਼ ਦੇ ਲਾਹੌਰ ਦੀ ਧਰਤੀ' ਤੇ ਉਤਰਦੇ ਸਾਰ ਹੀ ਸਿਰਦਾਰ ਗਜਿੰਦਰ ਸਿੰਘ ਨੇ ਸਭ ਤੋਂ ਪਹਿਲਾਂ ਖਾਲਸਾਈ ਰਵਾਇਤ ਦੇ ਮੁਤਾਬਿਕ ਔਰਤਾਂ ਅਤੇ ਬੱਚਿਆਂ ਨੂੰ ਤੁਰੰਤ ਛੱਡ ਦਿੱਤਾ।ਫੇਰ ਉਨ੍ਹਾਂ ਵਲੋਂ, ਆਪਣੀਆਂ ਮੰਗਾ ਰੱਖੀਆਂ ਗਈਆਂ।

20 ਸਤੰਬਰ 1981 ਵਾਲੇ ਦਿਨ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਮਹਿਤਾ ਚੌਕ ਗੁਰਦਵਾਰਾ ਸਾਹਿਬ ਦੇ ਸਾਹਮਣਿਓਂ ਗ੍ਰਿਫਤਾਰ ਕਰ ਲਿਆ ਗਿਆ ਸੀ ।ਇਸ ਦੌਰਾਨ ਉੱਥੇ ਸੰਗਤਾਂ ਅਤੇ ਪੁਲਿਸ ਦੇ ਵਿੱਚਾਲੇ ਗੋਲੀਬਾਰੀ ਹੋਈ । ਜਿਸ ਵਿੱਚ ਗਿਆਰਾਂ ਵਿਅਕਤੀਆਂ ਦੀ ਸ਼ਹਾਦਤ ਹੋ ਗਈ ।

21 ਸਤੰਬਰ 1981 ਵਾਲੇ ਦਿਨ ਅਦਾਲਤ ਨੇ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਾਂਵਾਲਿਆਂ ਦੀ 4 ਦਿਨ ਦੀ ਪੁਲਿਸ ਰਿਮਾਂਡ ਵਧਾ ਕੇ 26 ਸਤੰਬਰ 1981 ਤੱਕ ਕਰ ਦਿੱਤੀ।

ਪੁਲਿਸ ਰਿਮਾਂਡ ਵਿੱਚ ਮਹਾਂਪੁਰਖਾਂ ਪਾਸੋ ਲਾਲਾ ਜਗਤ ਨਰਾਇਣ ਕਤਲ ਕਾਂਡ ਨਾਲ ਸੰਬਧਿਤ ਤਕ.ਗੀਬਨ ਚਾਰ ਸੌ ਸਵਾਲ ਪੁੱਛੇ ਗਏ। ਪਰ ਪੁਲਿਸ ਇਸ ਪੁੱਛਗਿਛ ਦੇ ਦੌਰਾਨ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਲਾਲਾ ਜਗਤ ਨਰਾਇਣ ਕਤਲਕਾਂਡ ਨਾਲ ਸੰਬੰਧ ਜੋੜਨ ਵਿੱਚ ਨਾਕਾਮਯਾਬ ਰਹੀ। ਉਪਰੰਤ ਮਹਾਂਪੁਰਖਾਂ ਨੂੰ ਫਿਰੋਜ਼ਪੁਰ ਦੀ ਜੇਲ੍ਹ ਵਿੱਚ ਨਜ਼ਰਬੰਦ ਕਰਣ ਦੀ ਖਬਰ ਕਾਰਣ ਕੌਮ ਚ ਰੋਸ ਦੀ ਲਹਿਰ ਦੌੜ ਗਈ । ਇਸੇ ਰੋਸ ਦੇ ਪ੍ਰਗਟਾਵੇ ਲਈ ਦਲ ਖ਼ਾਲਸਾ ਦੇ ਨੌਜਵਾਨ ਭਾਈ ਗਜਿੰਦਰ ਸਿੰਘ ਹੁਣਾਂ ਦੀ ਅਗਵਾਈ ਤਹਿਤ , 29 ਸਤੰਬਰ 1981 ਵਾਲੇ ਦਿਨ ਏਅਰ ਇੰਡੀਆ ਦਾ ਹਵਾਈ ਜਹਾਜ਼ ਦਿੱਲੀ ਤੋਂ ਅਗਵਾਹ ਕਰ ਕੇ ਲਾਹੌਰ ਲੈ ਗਏ।

ਉਨ੍ਹਾਂ ਦੇ ਚਾਰ ਸਾਥੀਆਂ ਦੇ ਨਾਂ, ਸਰਬ ਸਿਰਦਾਰ ਸਤਨਾਮ ਸਿੰਘ ਪਾਉਂਟਾ ਸਾਹਿਬ,ਮਾਸਟਰ ਕਰਨ ਸਿੰਘ, ਸਿਰਦਾਰ ਜਸਬੀਰ ਸਿੰਘ ਅਤੇ ਸਿਰਦਾਰ ਤੇਜਿੰਦਰਪਾਲ ਸਿੰਘ ਹਨ। ਇਸ ਕਾਰਵਾਈ ਨਾਲ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਗ੍ਰਿਫਤਾਰੀ ਦਾ ਕੌਮਾਂਤਰੀ ਪੱਧਰ 'ਤੇ ਕਾਫੀ ਪ੍ਰਚਾਰ ਹੋਇਆ।

ਹਾਈਜੈਕਰਾਂ ਨੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਬਿਨ੍ਹਾਂ ਸ਼ਰਤ ਰਿਹਾਈ ਦੀ ਸ਼ਰਤ ਰੱਖੀ। ਇਸ ਦੇ ਨਾਲ ਕੁਝ ਹੋਰ ਸ਼ਰਤਾਂ ਵੀ ਰੱਖੀਆਂ ਗਈਆਂ, ਜਿਵੇਂ ਖਾਲਸਤਾਨੀ ਮੂਵਮੈਂਟ ਦੇ ਨਾਲ ਸੰਬੰਧਤ ਸਾਰੇ ਗੁਰਸਿੱਖਾਂ ਨੂੰ ਰਿਹਾਅ ਕੀਤਾ ਜਾਵੇ, ਹਾਈਜੈਕਰਾਂ ਨੂੰ ਪੰਜ ਲੱਖ ਡਾਲਰ ਦਿੱਤੇ ਜਾਣ ਅਤੇ 20 ਸਤੰਬਰ ਵਾਲੇ ਦਿਨ ਸ਼ਹੀਦ ਕੀਤੇ ਗਏ ਗੁਰਸਿੱਖਾਂ ਦੇ ਪਰਿਵਾਰਾਂ ਨੂੰ ਇੱਕ ਇੱਕ ਲੱਖ ਰੁਪਏ ਦਾ ਮੁਆਵਜਾ ਦਿੱਤਾ ਜਾਏ।

ਇਸੇ ਤਰ੍ਹਾਂ ਇੱਕ ਹੋਰ ਜਹਾਜ਼ 5 ਜੁਲਾਈ 1984 ਨੂੰ ਅਗਵਾਹ ਕੀਤਾ ਗਿਆ ਸੀ ।ਇਸ ਜਹਾਜ਼ ਨੇ ਸ੍ਰੀ ਨਗਰ ਤੋਂ ਬੰਬਈ ਹੁਣ ਮੁੰਬਈ ਵਾਇਆ ਦਿੱਲੀ ਦੇ ਲਈ ਉਡਾਣ ਭਰੀ ਸੀ ।ਇਨ੍ਹਾਂ ਵਿੱਚ ਸਰਬ ਸਿਰਦਾਰ ਪਰਮਿੰਦਰ ਸਿੰਘ ਹਰਫ਼ਨਮੌਲਾ, ਦਲੀਪ ਸਿੰਘ, ਹਰਮਿੰਦਰ ਸਿੰਘ ਖਾਲਸਾ, ਗੁਰਦੀਪ ਸਿੰਘ ਪਰਦੇਸੀ, ਰਵਿੰਦਰ ਸਿੰਘ,ਮਨਜੀਤ ਸਿੰਘ, ਗੁਰਵਿੰਦਰ ਸਿੰਘ, ਮਲ੍ਹਾਗਰ ਸਿੰਘ, ਅਤੇ ਹਰਭਜਨ ਸਿੰਘ ਸ਼ਾਮਲ ਸਨ।

20 ਜਨਵਰੀ 1986 ਵਾਲੇ ਦਿਨ, ਪਾਕਿਸਤਾਨ ਵਿਖੇ ਲਾਹੌਰ ਦੀ ਇਕ ਅਦਾਲਤ ਵੱਲੋਂ ਏਅਰ ਇੰਡੀਆ ਦੇ ਦੋਹਾਂ ਜਹਾਜ਼ਾਂ ਦੇ ਹਾਈਜੈਕਰਾਂ ਭਾਵ ਪਹਿਲੇ ਅਤੇ ਦੂਸਰੇ ਜਹਾਜ਼ ਨੂੰ ਅਗਵਾਹ ਕਰ ਕੇ ਲਾਹੌਰ ਲੈ ਗਏ, ਅਗਵਾਕਾਰਾਂ ਦੇ ਕੇਸਾਂ ਦਾ ਫੈਸਲਾ ਸੁਣਾਇਆ ਗਿਆ।

ਇਸ ਫੈਸਲੇ ਵਿੱਚ, ਤਿੰਨ ਹਾਈ ਜੈਕਰਾ, ਸਰਬ ਸਿਰਦਾਰ ਪਰਮਿੰਦਰ ਸਿੰਘ ਹਰਫ਼ਨਮੌਲਾ, ਦਲੀਪ ਸਿੰਘ ਤੇ ਹਰਮਿੰਦਰ ਸਿੰਘ ਖਾਲਸਾ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਬਾਅਦ ਵਿੱਚ ਫਾਂਸੀ ਦੀ ਇਹ ਸਜ਼ਾ, ਉਮਰ ਕੈਦ ਵਿਚ ਤਬਦੀਲ ਕਰ ਦਿੱਤੀ ਗਈ ਸੀ। ਇਸ ਦੇ ਨਾਲ ਹੀ ਸਰਬ ਸਿਰਦਾਰ ਗਜਿੰਦਰ ਸਿੰਘ, ਸਤਨਾਮ ਸਿੰਘ, ਮਾਸਟਰ ਕਰਨ ਸਿੰਘ, ਜਸਬੀਰ ਸਿੰਘ ਅਤੇ ਤੇਜਿੰਦਰਪਾਲ ਸਿੰਘ ਨੂੰ ਉਮਰ ਕੈਦ ਦੀ ਸਜਾ ਸੁਣਾਈ ਗਈ ।ਇਹ ਪੰਜੇ ਗੁਰਸਿੱਖ ਸਤੰਬਰ 1981ਵਾਲੇ ਪਹਿਲੇ ਜਹਾਜ਼ ਦੇ ਹਾਈ ਜੈਕਰਾ ਵਿੱਚੋ ਸਨ ਜਦੋਂ ਕਿ ਦੂਜੇ ਭਾਵ ,5 ਜੁਲਾਈ 1984 ਵਾਲੇ ਜਹਾਜ਼ ਦੇ ਅਗਵਾਕਾਰਾਂ ਵਿੱਚੋ ਸਰਬ ਸਿਰਦਾਰ ਗੁਰਦੀਪ ਸਿੰਘ ਪਰਦੇਸੀ ਅਤੇ ਰਵਿੰਦਰ ਸਿੰਘ ਹੁਣਾਂ ਨੂੰ ਵੀ ਉਮਰ ਕੈਦ ਦੀ ਸਜਾ ਸੁਣਾਈ ਗਈ। ਇਹ ਸਜ਼ਾ ਇਨ੍ਹਾਂ ਨੇ ਲਾਹੌਰ ਦੀ ਕੋਟ ਲਖਪਤ ਜੇਲ ਵਿਚ ਮੁਕਮਲ ਕੀਤੀ। ਜਦੋਂ ਕੇ ਬਾਕੀ ਦੇ ਚਾਰ ਹਾਈਜੈਕਰ ਸਰਬ ਸਿਰਦਾਰ ਮਨਜੀਤ ਸਿੰਘ, ਗੁਰਵਿੰਦਰ ਸਿੰਘ, ਮਲ੍ਹਾਗਰ ਸਿੰਘ ਅਤੇ ਹਰਭਜਨ ਸਿੰਘ ਮੁਕੰਮਲ ਬਰੀ ਕਰ ਦਿੱਤੇ ਗਏ ।ਇਹ ਚਾਰੋ ਦੂਸਰੇ ਭਾਵ 5 ਜੁਲਾਈ1984 ਵਾਲੇ ਏਅਰ ਇੰਡੀਆ ਜਹਾਜ਼ ਦੇ ਅਗਵਾਕਾਰ ਸਨ।

ਪਾਕਿਸਤਾਨ ਵਿੱਚ ਆਪਣੀ ਸਜ਼ਾ ਪੂਰੀ ਕਰਨ ਤੋਂ ਬਾਅਦ ਸਰਦਾਰ ਤਜਿੰਦਰਪਾਲ ਸਿੰਘ 1998 ਵਿੱਚ ਕੈਨੇਡਾ ਚਲੇ ਗਏ ਜਦੋਂਕਿ 1999 ਵਿੱਚ ਸਰਦਾਰ ਸਤਨਾਮ ਸਿੰਘ ਅਮਰੀਕਾ ਚਲੇ ਗਏ ਸਨ। ਪਰ ਇਹ ਦੋਨੋ ਅਗਵਾਕਾਰ ਭਾਰਤ ਵਾਪਸ ਪਰਤ ਆਏ ਅਤੇ ਸਰਦਾਰ ਸਤਨਾਮ ਸਿੰਘ ਅਤੇ ਸਰਦਾਰ ਤੇਜਿੰਦਰਪਾਲ ਸਿੰਘ ਦੇ ਖਿਲਾਫ਼ ਭਾਰਤ ਦੇ ਵਿਰੁੱਧ ਜੰਗ ਛੇੜਨ ਦਾ ਮੁਕੱਦਮਾ ਚਲਾਇਆ ਗਿਆ ਸੀ ।ਇਹ ਮੁਕਦਮਾਂ ਦਿੱਲੀ ਦੇ ਪਟਿਆਲਾ ਹਾਊਸ ਅਦਾਲਤ ਵਿੱਚ ਚਲਾਇਆ ਗਿਆ।

2011 ਵਿੱਚ ਦਿੱਲੀ ਪੁਲਿਸ ਨੇ ਭਾਰਤ ਸਰਕਾਰ ਦੇ ਖ਼ਿਲਾਫ਼ ਜੰਗ, ਪੰਜਾਬ ਸੂਬੇ ਦੇ ਖ਼ਿਲਾਫ਼ ਜੁਰਮ ਦੀ ਸਾਜ਼ਿਸ਼ ਦੇ ਤਹਿਤ ਚਲਾਣ ਪੇਸ਼ ਕੀਤਾ ।ਸੋ ਦਿੱਲੀ ਪੁਲਿਸ ਨੇ 2011 ਵਿੱਚ ਦੇਸ਼ਧਰੋਹ ਅਤੇ ਦੇਸ਼ ਦੇ ਖਿਲਾਫ਼ ਜੰਗ ਛੇੜਨ ਦੇ ਇਲਜ਼ਾਮਾਂ ਦੀ ਸਪਲੀਮੈਂਟਰੀ ਚਾਰਜਸ਼ੀਟ ਵੀ ਦਾਖਿਲ ਕੀਤੀ ਸੀ ।2017 ਵਿੱਚ ਹਾਈ ਕੋਰਟ ਨੇ ਇਸ ਚਾਰਜਸ਼ੀਟ ਨੂੰ ਮੁੱਢੋਂ ਖਾਰਿਜ ਕਰ ਦਿੱਤਾ ਸੀ।ਮਈ 2017 ਵਿੱਚ ਟ੍ਰਾਇਲ ਕੋਰਟ ਦੇ ਅਡਿਸ਼ਨਲ ਸੈਸ਼ਨਜ਼ ਜੱਜ ਸ੍ਰੀ ਅਜੇ ਪਾਂਡੇ ਨੇ ਸਰਦਾਰ ਤਜਿੰਦਰ ਪਾਲ ਸਿੰਘ ਅਤੇ ਸਰਦਾਰ ਸਤਨਾਮ ਸਿੰਘ ਪਾਉਂਟਾ ਸਾਹਿਬ ਨੂੰ ਦੇਸ਼ਧਰੋਹ ਦੇ ਇਲਜ਼ਾਮਾਂ ਤੋਂ ਬਰੀ ਕਰ ਦਿੱਤਾ ਸੀ। ਸਰਦਾਰ ਤਜਿੰਦਰ ਪਾਲ ਸਿੰਘ ਇਸ ਵੇਲੇ ਜਲੰਧਰ ਵਿੱਖੇ ਗੁਰਦੁਆਰਾ ਮਾਡਲ ਟਾਊਨ ਦੇ ਬਾਹਰ ਧਾਰਮਿਕ ਪੁਸਤਕਾਂ ਦਾ ਸਟਾਲ ਲਾਉਂਦੇ ਹਨ ।ਸਰਦਾਰ ਸਤਨਾਮ ਸਿੰਘ ਪਾਉਂਟਾ ਸਾਹਿਬ, ਚੰਡੀਗੜ੍ਹ ਵਿਖੇ ਰਹਿੰਦੇ ਹਨ। ਭਾਈ ਗਜਿੰਦਰ ਸਿੰਘ ਪਾਕਿਸਤਾਨ ਵਿੱਚ ਹਨ ਜਦੋਂ ਕਿ ਮਾਸਟਰ ਕਰਨ ਸਿੰਘ, ਸਿਰਦਾਰ ਹਰਮਿੰਦਰ ਸਿੰਘ ਖਾਲਸਾ ਅਤੇ ਸਰਦਾਰ ਜਸਬੀਰ ਸਿੰਘ ਸਵਿਟਜ਼ਰਲੈਂਡ ਵਿੱਚ ਜਲਾਵਤਨੀ ਕਟ ਰਹੇ ਹਨ। ਭਾਈ ਗੁਰਦੀਪ ਸਿੰਘ ਪਰਦੇਸੀ ਜਰਮਨੀ ਵਿੱਖੇ ਜਲਾਵਤਨੀ ਕਟ ਰਹੇ ਹਨ। ••

### ਜਸਪਾਲ ਸਿੰਘ ਨੰਬਰਦਾਰ ਦੀ ਪਲੇਠੀ ਪੁਸਤਕ

# "ਪੈਂਡਾ ਜੈਸਲਮੇਰ ਤੋਂ ਲਹਿਰੀ"" ਇੱਕ ਇਤਿਹਾਸਿਕ ਦਸਤਾਵੇਜ਼



2026 ਨਵੇਂ ਸਾਲ ਦੀ ਆਮਦ ਤੋਂ ਇੱਕ ਦਿਨ ਪਹਿਲਾਂ ਦੀ ਗੱਲ ਹੈ ਕਿ "ਪੈਂਡਾ ਜੈਸਲਮੇਰ ਤੋਂ ਲਹਿਰੀ" ਤੱਕ ਦੇ ਇਤਿਹਾਸਿਕ ਪੱਖ ਨੂੰ ਉਜਾਗਰ ਕਰਦੀ ਪੁਸਤਕ ਦੀਆਂ ਇਕ ਹਜਾਰ ਕਾਪੀਆਂ ਛਪਣ ਵਾਲੀ ਪ੍ਰੈਸ ਤੋਂ ਗੱਡੀ ਭਰ ਕੇ ਲਿਆ ਜਦੋਂ ਮੇਰੇ ਘਰ, ਲੇਖਕ ਜਸਪਾਲ ਸਿੰਘ ਨੰਬਰਦਾਰ ਲਹਿਰੀ ਪਹੁੰਚਿਆ, ਜਿਸ ਪਲੇਠੀ ਪੁਸਤਕ ਦੀ ਪਹਿਲੀ ਕਾਪੀ ਉਹਨਾਂ ਅਨੁਸਾਰ ਆਪਣੇ ਆਪ ਨੂੰ ਲੇਖਣੀ ਵਿੱਚ ਮੇਰਾ ਸ਼ਿਗਰਦ ਸਮਝਦਿਆਂ ਸਭ ਤੋਂ ਪਹਿਲਾਂ ਇਸ ਨਵੇਂ ਸਾਲ ਤੇ ਮੈਨੂੰ ਭੇਂਟ ਕਰਕੇ ਮਾਣ ਬਖਸ਼ਿਆ ਤਾਂ ਮੇਰੇ ਪ੍ਰਤੀ ਅਪਣੱਤ ਪਿਆਰ ਸੁਹਿਰਦਤਾ ਸੰਵੇਦਨਸ਼ੀਲਤਾ ਨੂੰ ਮੇਰੇ ਵੱਲੋਂ ਸਤਿਕਾਰ ਦੇਣਾ ਹੀ ਦੇਣਾ ਬਣਦਾ ਸੀ।"ਪੈਂਡਾ ਜੈਸਲਮੇਰ ਤੋਂ ਲਹਿਰੀ" ਵਾਇਆ ਹਨੂਮਾਨਗੜ੍ਹ, ਤਲਵੰਡੀ ਸਾਬੋ ਦਮਦਮਾ ਸਾਹਿਬ ਤੇ ਲਹਿਰੀ ਦੇ ਲੇਖਕ ਜਸਪਾਲ ਸਿੰਘ ਨੰਬਰਦਾਰ ਦੁਆਰਾ 295 ਈਸਵੀ ਤੋਂ ਅੱਜ ਤੱਕ ਦੇ ਸਿੱਧੂ ਬਰਾੜ ਗੋਤਾਂ ਦਾ ਅਤੇ ਵੱਡੇ ਵਡੇਰਿਆਂ ਦੇ 80 ਪੀੜ੍ਹੀਆਂ ਦੇ ਸਫ਼ਰ ਦੇ ਇਤਿਹਾਸਿਕ ਦਸਤਾਵੇਜ਼ਾਂ ਨੂੰ ਇਕੱਤਰ ਕਰਨਾ ਅਤੇ ਆਪਣੇ ਪਿੰਡ ਦੇ ਸਾਰੇ ਵਸਨੀਕਾਂ ਦਾ ਪਿਛਲੀਆਂ ਪੀੜ੍ਹੀਆਂ ਤੋਂ ਇਤਿਹਾਸਿਕ ਖੋਜ ਕਰਕੇ ਇਕੱਤਰਤ ਕਰਨਾ ਉਹਨਾਂ ਨੇ ਉਦੋਂ ਸ਼ੁਰੂ ਕੀਤਾ ਜਦੋਂ 1970 ਈਸਵੀ ਵਿੱਚ ਆਪਣੇ ਪਿਤਾ ਨਰਿੰਜਨ ਸਿੰਘ ਜੋ ਪੁਲਿਸ ਮੁਲਾਜ਼ਮ ਸਨ, ਦੀ ਥਾਂ ਪਿੰਡ ਦੀ ਨੰਬਰਦਾਰੀ ਕਰਨ ਲੱਗੇ ਤਾਂ ਪਿੰਡ ਦੇ ਵੱਡੇ ਵਡੇਰਿਆਂ ਤੋਂ ਉਹਨਾਂ ਪੀੜ੍ਹੀ ਦਰ ਪੀੜ੍ਹੀ ਪੁੱਛਣਾ ਸ਼ੁਰੂ ਕੀਤਾ ਜੋ ਕਿ 1980 ਤੱਕ ਜਾਰੀ ਰਿਹਾ ਅਤੇ ਇਸ ਸਭ ਕੁਝ ਦੇ ਉਹਨਾਂ ਨੇ ਵੱਡੇ ਰਜਿਸਟਰਾਂ ਵਿੱਚ ਕੱਚੇ ਖਰੜੇ ਸੰਗ੍ਰਹਿ ਕਰ ਲਏ ! ਇਸ ਤੋਂ ਇਲਾਵਾ ਉਹਨਾਂ ਨੇ ਹਰਦੁਆਰ ਜਾ ਕੇ ਆਪਣੇ ਪੁਰੋਹਿਤਾਂ ਦੇ ਬਹੀ ਰਿਕਾਰਡ ਵਿੱਚੋਂ ਵੀ ਬਹੁਤ ਸਾਰੀ ਆਪਣੇ ਪੁਰਖਿਆਂ ਦੀ ਜਾਣਕਾਰੀ ਇਕੱਤਰ ਕੀਤੀ, ਇਸ ਤੋਂ ਇਲਾਵਾ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਦੀ ਪੁਸਤਕ 'ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ' ਇਤਿਹਾਸ ਦਮਦਮਾ ਸਾਹਿਬ ਕਾ, ਬਖਤਾਵਰ ਸਿੰਘ ਸਿੱਧੂ ਦੀ 'ਸਿੱਧੂ ਵੰਸ਼', ਨੇਤਾ ਸਿੰਘ ਬਠਿੰਡਾ ਦੀ 'ਕਿਲਾ ਬਠਿੰਡਾ', ਠਾਣਾ ਸਿੰਘ ਨਥਾਣਾ ਦੀ ਪੁਸਤਕ 'ਪਰਵਾਜ਼' ਪੜਨ ਤੋਂ ਇਲਾਵਾ ਉਹਨਾਂ ਅਨੁਸਾਰ ਸੈਂਕੜੇ ਪੁਸਤਕਾਂ ਦਾ ਪਾਠ ਕਰਨ ਦਾ ਉਹਨਾਂ ਨੂੰ ਉਦੋਂ ਵਧੀਆ ਮੌਕਾ ਮਿਲਿਆ ਜਦੋਂ ਉਹ ਆਪਣੇ ਸਪੁੱਤਰ ਵਰਿੰਦਰਜੀਤ ਸਿੰਘ ਅਤੇ ਕਰਮਜੀਤ ਸਿੰਘ ਕੋਲ ਆਸਟਰੇਲੀਆ ਗਏ। ਜਿਸ ਤੋਂ "ਪੈਂਡਾ ਜੈਸਲਮੇਰ ਤੋਂ ਲਹਿਰੀ" ਪੁਸਤਕ ਲਿਖਣ ਤੇ ਪ੍ਰਕਾਸ਼ਿਤ ਕਰਾਉਣ ਵਿੱਚ ਉਸਨੂੰ ਬਹੁਤ ਸਹਿਯੋਗ ਮਿਲਿਆ।ਮੇਰੇ ਨਿਊਜ਼ੀਲੈਂਡ ਰਹਿੰਦਿਆਂ ਵੀ ਉਹ ਮੇਰੇ ਨਾਲ ਫੋਨ ਤੇ ਰਾਬਤਾ ਰੱਖਦੇ ਰਹੇ। ਪੁਸਤਕਾਂ ਨੂੰ ਪਿਆਰ ਕਰਨ ਵਾਲੇ ਪਾਠਕ ਜਸਪਾਲ ਸਿੰਘ ਨੰਬਰਦਾਰ ਨੇ ਦੱਸਿਆ ਕਿ ਮੇਰੀਆਂ ਵੀ ਬਹੁਤ ਸਾਰੀਆਂ ਪੁਸਤਕਾਂ ਉਹਨਾਂ ਦੀ ਲਾਇਬਰੇਰੀ ਦਾ ਸ਼ਿੰਗਾਰ ਬਣੀਆਂ ਹੋਈਆਂ ਹਨ। ਆਪਣੇ ਦਾਦਾ ਸਵਰਗੀ ਦਸੌਂਧਾ ਸਿੰਘ ਨੰਬਰਦਾਰ ਤੇ ਪਿਤਾ ਸਵਰਗੀ ਨਰਿੰਜਨ ਸਿੰਘ ਨੰਬਰਦਾਰ ਨੂੰ ਸਮਰਪਿਤ, ਗੁਰੂਸਰ ਪ੍ਰਕਾਸ਼ਨ ਸ੍ਰੀ ਦਮਦਮਾ ਸਾਹਿਬ ਤੋਂ ਪ੍ਰਕਾਸ਼ਿਤ 342 ਪੇਜ਼ ਦੀ ਇਸ ਇਤਿਹਾਸਿਕ ਦਸਤਾਵੇਜ਼ ਪੁਸਤਕ ਦੇ ਸ਼ੁਰੂ ਵਿੱਚ 'ਮਾਂ ਧਰਤੀ' ਤੋਂ ਲੈ ਕੇ ਤਤਕਰਾ, ਭੁਪਿੰਦਰ ਲਹਿਰੀ ਵੱਲੋਂ ਦੋ ਲਾਈਨਾਂ ਕਿਤਾਬ ਬਾਰੇ "ਲਹਿਰੀ ਵਾਲਿਆ ਪੜੇ ਤੋਂ ਪਤਾ ਲੱਗੂ, ਲਿਆਇਆ ਲੱਭ ਕੇ ਵੱਡਾ ਬਾਈ 'ਪਾਲ' ਕਿੱਥੋਂ ?, ਮੇਜਰ ਸਿੰਘ ਕਮਾਲੂ ਵੱਲੋਂ 'ਦੋ ਸ਼ਬਦ ਜਸਪਾਲ ਸਿੰਘ ਨੰਬਰਦਾਰ ਬਾਰੇ' ਉਹਨਾਂ ਦੇ 70 ਸਾਲ ਦੀ ਉਮਰ ਤੋਂ ਵੱਧ ਹੋ ਜਾਣ ਤੇ ਇਰਾਦੇ ਅਤੇ ਜ਼ਜਬੇ ਜਵਾਨ ਵਰਗੇ ਲੱਗਣਾ ਲਿਖਣਾ ਉਹਨਾਂ ਦੀ ਕਲਮ ਨੂੰ ਉਤਸ਼ਾਹਤ ਕਰਨ ਵਾਂਗ ਹੈ।



ਆਵਾਜ਼ ਕੌਮ
AWAZE QAUM
International Newspaper & WEB TV

'ਸੂਰਤੀਆ' ਨਾਲ ਵਿਆਹੀ 'ਲਹਿਰੀ' ਦੇ ਨਾਂ 'ਤੇ ਬੱਝੇ ਇਸ ਪਿੰਡ ਲਹਿਰੀ ਵਿਖੇ 19 ਅਕਤੂਬਰ 1954 ਨੂੰ ਨਰਿੰਜਨ ਸਿੰਘ ਦੇ ਗ੍ਰਹਿ ਵਿਖੇ ਮਾਤਾ ਹਮੀਰ ਕੌਰ ਦੀ ਕੁੱਖੋਂ ਜਨਮ ਲੈਣ ਵਾਲੇ ਜਸਪਾਲ ਸਿੰਘ ਨੰਬਰਦਾਰ ਨੇ ਮੁੱਢਲੀ ਪੜ੍ਹਾਈ ਤੋਂ ਬਾਅਦ ਪੀਏਯੂ ਲੁਧਿਆਣੇ ਪੜ੍ਹਾਈ ਕਰਨ ਉਪਰੰਤ ਪਿਤਾ ਪੁਰਖਿਆਂ ਦਾ ਕਿੱਤਾ ਖੇਤੀਬਾੜੀ ਅਪਣਾਇਆ, ਨਾਲ ਨਾਲ ਖੇਤੀ ਸਹਾਇਕ ਧੰਦੇ, ਸ਼ਿਹਦ ਦੀਆਂ ਮੱਖੀਆਂ, ਫਲਾਂ ਤੇ ਫੁੱਲਾਂ ਦੇ ਪੌਦਿਆਂ ਦੀ ਰਜਿ: ਨਰਸਰੀ ਰਾਹੀਂ ਸਬਜ਼ੀਆਂ, ਸਬਜ਼ੀਆਂ ਤੇ ਫੁੱਲਾਂ ਦੇ ਬੀਜ਼ ਵਿਦੇਸ਼ ਭੇਜਣੇ ਕਿੱਤੇ ਨੂੰ ਆਪਣਾ ਸ਼ੌਂਕ ਬਣਾਇਆ ਤੇ ਵਿਦੇਸ਼ੀ ਟੂਰ ਵੀ ਲਾਏ। ਨੰਬਰਦਾਰ ਦੇ ਤੌਰ ਤੇ ਨਗਰ ਦੀ ਸੇਵਾ ਕਰਨ, ਲੋੜਵੰਦ ਸਮਾਜ ਸੇਵਾ, ਕਈ ਸੰਸਥਾਵਾਂ ਦੇ ਸਾਥੀ, ਨੰਬਰਦਾਰ ਯੂਨੀਅਨ ਪੰਜਾਬ ਦੇ ਵਾਈਸ ਪ੍ਰਧਾਨ ਜਸਪਾਲ ਸਿੰਘ ਨੰਬਰਦਾਰ ਮਿਤੀ 21 ਫਰਵਰੀ 1976 ਨੂੰ ਗੁਰਮੇਲ ਕੌਰ ਨਾਲ ਹਮਸਫਰ ਹੋਏ ਤਾਂ ਇਹਨਾਂ ਦੇ ਧੀਆਂ ਪੁੱਤਰਾਂ ਗੁਰਮੀਤ ਕੌਰ, ਗੁਰਜੀਤ ਕੌਰ, ਵਰਿੰਦਰਜੀਤ ਸਿੰਘ ਤੇ ਕਰਮਜੀਤ ਸਿੰਘ ਹੋਏ ਜਿਨ੍ਹਾਂ ਨੇ ਆਪਣੇ ਪਿਤਾ ਲੇਖਕ ਲਈ ਕੁਝ ਸ਼ਬਦ ਲਿਖ ਕੇ ਦੱਸਿਆ ਹੈ ਕਿ ਉਹਨਾਂ ਦੀ ਬੇਮਿਸਾਲ ਪ੍ਰਤਿਭਾ ਤੇ ਆਸਾਧਾਰਣ ਦ੍ਰਿਸ਼ਟੀ ਨੇ ਬਹੁਤ ਕੁਝ ਹੋਰ ਸਾਹਿਤ ਨੂੰ ਦੇ ਦੇਣਾ ਸੀ, ਜੇਕਰ ਉਹ ਪਰਿਵਾਰਿਕ ਜ਼ੁੰਮੇਵਾਰੀਆਂ ਤੇ ਸਮਾਜ ਸੇਵਾ ਦੇ ਹੋਰ ਕੰਮਾਂ ਵਿੱਚ ਇਸ ਤਰ੍ਹਾਂ ਵਿਅਸਤ ਨਾ ਹੁੰਦੇ। ਜਸਪਾਲ ਸਿੰਘ ਨੰਬਰਦਾਰ ਆਪਣੇ ਵੱਲੋਂ ਲਿਖੇ ਸ਼ਬਦਾਂ ਵਿੱਚ ਲਿਖਦਾ ਹੈ ਕਿ ਗਿਆਨੀ ਜੋਗਿੰਦਰ ਸਿੰਘ ਉਹਨਾਂ ਦੇ ਚਾਚੇ ਤੋਂ 1975 ਤੋਂ 80 ਤੱਕ ਉਹਨਾਂ ਨੇ ਬਹੁਤ ਕੁਝ ਨੋਟ ਕੀਤਾ ਜੋ ਕਿ ਇਸ ਪੁਸਤਕ ਵਿੱਚ ਬਹੁਤ ਸਹਾਈ ਹੋਇਆ। ਇਸ ਸਾਰੇ ਖਰੜੇ ਨੂੰ ਪੁਸਤਕ ਰੂਪ ਵਿੱਚ ਦੇਣ ਦਾ ਸੁਭਾਗ ਉਦੋਂ ਪ੍ਰਾਪਤ ਹੋਇਆ ਜਦੋਂ ਉਹ 2016-17 ਤੋਂ ਵਿਦੇਸ਼ ਵਿੱਚ ਰਹਿਣ ਲੱਗੇ। ਪਿਛਲਾ ਪਿੰਡ ਤਲਵੰਡੀ ਸਾਬੋ ਦਮਦਮਾ ਸਾਹਿਬ ਹੋਣ ਕਾਰਨ ਉਹਨਾਂ ਨੇ ਦਮਦਮਾ ਸਾਹਿਬ ਤੇ ਉੱਥੋਂ ਦੇ ਸਿੱਧੂ ਬਰਾੜਾਂ ਦੇ ਗੋਤਾਂ ਤੋਂ ਇਲਾਵਾ ਮਹਾਰਾਜਾ ਅਮਰਿੰਦਰ ਸਿੰਘ ਦੇ ਪੁਰਖਿਆਂ ਦੇ ਤੇ ਹੋਰ ਸਾਰੇ ਪੀੜ੍ਹੀ ਦਰ ਪੀੜ੍ਹੀ ਬਹੁਤ ਹੀ ਸੁੰਦਰ ਨਕਸ਼ੇ ਤਰਤੀਬ ਅਨੁਸਾਰ ਬਣਾ ਕੇ ਵੱਡਮੁਲੀ ਜਾਣਕਾਰੀ ਦਿੱਤੀ ਹੈ। ਇਸ ਪੁਸਤਕ ਦੇ ਪਿਛਲੇ ਪੰਨਿਆਂ ਤੇ ਵੀ ਪੀੜ੍ਹੀ ਦਰ ਪੀੜ੍ਹੀ ਨਕਸ਼ੇ ਵਾਹ ਕੇ ਸਾਰੇ ਹੀ ਲੋਕਾਂ ਦੇ ਸ਼ੁਰੂ ਤੋਂ ਅੰਤ ਤੱਕ ਨਾਮ ਦਰਜ ਕੀਤੇ ਗਏ ਹਨ। ਅੰਤਿਕਾ ਵਿੱਚ ਲੇਖਕ ਨੇ ਆਪਣੀਆਂ ਪੰਜ ਪੀੜ੍ਹੀਆਂ ਦਾ ਸਾਥ ਸੰਨ 1900 ਈਸਵੀ ਤੋਂ ਲੈ ਕੇ ਉਹਨਾਂ ਦੇ ਪੋਤਰੇ ਰੋਮਨ ਤੇ ਜੇਡਨ ਸਿੰਘ ਜਨਮ ਸੰਨ 25-9-2024 ਈਸਵੀ ਤੱਕ ਦਾ ਇੱਕ ਸੁੰਦਰ ਰੰਗੀਨ ਚਿੱਤਰ ਦਰਸਾਇਆ ਹੈ ਜਦੋਂ ਕਿ "ਨਗਰ ਲਹਿਰੀ ਦਾ ਸਪੁੱਤਰ" ਜਸਪਾਲ ਸਿੰਘ, ਸਿਰਲੇਖ ਹੇਠ ਉਹਨਾਂ ਨੇ ਪਿੰਡ ਦੇ ਵਸਨੀਕਾਂ ਨੂੰ ਇੱਕ ਬੇਨਤੀ ਕੀਤੀ ਹੈ ਕਿ ਹਰ 25 ਸਾਲ ਬਾਅਦ ਦਾ ਇਤਿਹਾਸ ਇਸ ਪੁਸਤਕ ਵਿੱਚ ਸ਼ਾਮਿਲ ਕਰਦੇ ਜਾਣ ਤੇ ਇਸ ਦਾ ਅਗਲਾ ਐਡੀਸ਼ਨ 19 ਅਕਤੂਬਰ 2054 ਈਸਵੀ ਵਾਲੇ ਦਿਨ ਜਦੋਂ ਉਹਨਾਂ ਦਾ ਸੌਵਾਂ ਜਨਮਦਿਨ ਹੋਵੇਗਾ, ਉਸ ਵਕਤ ਰਿਲੀਜ਼ ਕਰਨ ਦੀ ਸਭ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਹੈ।"ਪੈਂਡਾ ਜੈਸਲਮੇਰ ਤੋਂ ਲਹਿਰੀ" ਤੱਕ ਦੇ ਇਤਿਹਾਸਿਕ ਦਸਤਾਵੇਜ਼ ਵਰਗੀ ਵੱਡ ਅਕਾਰੀ ਪੁਸਤਕ ਨੂੰ ਲੋਕ ਅਰਪਣ ਕਰਨ ਦੀ ਰਸਮ ਮਿਤੀ 3 ਜਨਵਰੀ 2026 ਨੂੰ ਲਹਿਰੀ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ, ਹੈਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਭੋਲਾ ਸਿੰਘ, ਸੁਖਪਾਲ ਭੁੱਲਰ ਘੁੰਮਣ ਕਲਾਂ, ਮੇਜਰ ਸਿੰਘ ਕਮਾਲੂ ਨੇ ਸਮੁੱਚੇ ਪਿੰਡ ਅਤੇ ਪਿੰਡ ਦੇ ਬਾਹਰ ਰਹਿੰਦੇ ਮੋਹਤਬਰ ਵਸਨੀਕਾਂ ਦੀ ਹਾਜ਼ਰੀ ਵਿੱਚ ਕੀਤੀ ਜਦੋਂ ਕਿ ਪਹਿਲੀ ਪਲੇਠੀ ਪੁਸਤਕ ਸਭ ਤੋਂ ਪਹਿਲਾਂ ਤੇ ਪਹਿਲੀ ਕਾਪੀ ਮੈਨੂੰ ਭੇਂਟ ਕਰਨ ਆਏ ਜਸਪਾਲ ਸਿੰਘ ਨੰਬਰਦਾਰ ਨੇ ਇਸ ਲੋਕ ਅਰਪਣ ਸਮਾਗਮ ਵਿੱਚ ਮੇਰੇ ਹਾਜ਼ਰ ਹੋਣ ਨੂੰ ਬਹੁਤ ਅਹਿਮੀਅਤ ਦਿੱਤੀ ਪਰ ਮੇਰੇ ਆਪਣੇ ਹੋਰ ਘਰੇਲੂ ਰੁਝੇਵਿਆਂ ਕਾਰਨ ਇਸ ਸਮਾਗਮ 'ਚ ਨਾ ਪਹੁੰਚਣਾ ਮੇਰੇ ਲਈ ਸਦਾ ਹੀ ਇੱਕ ਘਾਟ ਬਣ ਕੇ ਮੇਰੀ ਜ਼ਿੰਦਗੀ "ਮੇਰੀਆਂ ਪੈੜਾਂ" ਸਵੈ ਜੀਵਨੀ ਵਿੱਚ ਰੜਕਦਾ ਰਹੇਗਾ। "ਪੈਂਡਾ ਜੈਸਲਮੇਰ ਤੋਂ ਲਹਿਰੀ" ਤੱਕ ਦੇ ਸਫ਼ਰ ਦੀ ਪਹਿਲੀ ਕਾਪੀ ਭੇਂਟ ਕਰਨ ਸਮੇਂ ਮੈਂ ਮੇਰੀਆਂ ਪੁਸਤਕਾਂ "ਮੇਰੇ ਸਾਹਿਤਕ ਰੰਗ÷, "ਮੇਰਾ ਮਿਲਗੋਭਾ÷, "ਨਿਊਜ਼ੀਲੈਂਡ ਦੀਆਂ ਨਿਆਮਤਾਂ" ਆਦਿ ਭੇਂਟ ਕਰਕੇ ਉਹਨਾਂ ਦਾ ਮਾਨ ਸਨਮਾਨ ਕੀਤਾ। ਮੇਰੀ ਕਾਮਨਾ ਹੈ ਕਿ ਮੋਹ ਮੁਹੱਬਤ ਦੇ ਮੁਜੱਸਮੇ, ਮਿਹਨਤੀ ਮੁਸ਼ੱਕਤੀ, ਮੋਹਤਬਰ ਨੰਬਰਦਾਰ, ਪੰਜਾਬ ਨੰਬਰਦਾਰ ਯੂਨੀਅਨ ਦੇ ਵਾਈਸ ਪ੍ਰਧਾਨ ਤੇ ਹੋਰ ਬਹੁਤ ਸਾਰੀਆਂ ਸਮਾਜਿਕ ਸੰਸਥਾਵਾਂ ਵਿੱਚ ਕੰਮ ਕਰਨ ਵਾਲੇ ਜਸਪਾਲ ਸਿੰਘ ਨੰਬਰਦਾਰ ਦੀਆਂ ਆਉਣ ਵਾਲੇ ਸਮੇਂ ਵਿੱਚ ਹੋਰ ਪੁਸਤਕਾਂ ਕਹਾਣੀਆਂ ਪਾਠਕਾਂ ਨੂੰ ਪੜ੍ਹਨ ਲਈ ਮਿਲਣਗੀਆਂ। ਆਮੀਨ !!



**ਤੁਹਾਡਾ ਸਭਨਾਂ ਦਾ ਸ਼ੁਭਚਿੰਤਕ,**
**ਹਰਗੋਬਿੰਦ ਸਿੰਘ ਸ਼ੇਖਪੁਰੀਆ**
**ਸੰਸਥਾਪਕ ਪ੍ਰਧਾਨ: ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਰਜਿਸਟਰਡ ਪੰਜਾਬ**
**ਜਨਰਲ ਸਕੱਤਰ: ਗੁਰੂ ਕਾਸ਼ੀ ਸਾਹਿਤ ਸਭਾ ਰਜਿਸਟਰਡ ਤਲਵੰਡੀ ਸਾਬੋ (ਬਠਿੰਡਾ) +91 9417119492**

# ਹਰ ਮਨੁੱਖ ਕੋਲ ਕਿਉਂ ਹੈਂ ਸਮੇਂ ਦੀ ਘਾਟ ?



ਇੱਕਵੀਂ ਸਦੀ ਦਾ ਯੁੱਗ ਵਿਗਿਆਨ ਅਤੇ ਤਕਨੀਕ ਦਾ ਯੁੱਗ ਹੈ। ਆਧੁਨਿਕ ਯੁੱਗ ਤਕਨੀਕੀ ਵਿਕਾਸ ਅਤੇ ਜੀਵਨ ਦੀ ਵੱਧ ਰਹੀ ਰਫ਼ਤਾਰ ਨਾਲ ਪਰਿਭਾਸ਼ਿਤ ਹੈ। ਆਮ ਲੋਕਾਂ ਵਿੱਚ ਸਮੇਂ ਦੀ ਧਾਰਨਾ ਬਾਬਤ ਇੱਕ ਮਹੱਤਵਪੂਰਨ ਬਦਲਾਅ ਆਇਆ ਹੈ।ਅੱਜ ਗੱਲ ਆਧੁਨਿਕ ਭੌਤਿਕਵਾਦੀ ਸੰਸਾਰ ਕੰਮਾਂ ਨੂੰ ਪੂਰਾ ਕਰਨ ਅਤੇ ਨੌਕਰੀਆਂ ਦਾ ਪ੍ਰਬੰਧ ਕਰਨ ਵਿੱਚ ਬੇਮਿਸਾਲ ਕੁਸ਼ਲਤਾ ਦਾ ਦਾਅਵਾ ਕਰਦਾ ਹੈ ਪਰ ਇਨ੍ਹਾਂ ਵਿਕਾਸਾਂ ਦੇ ਬਾਵਜੂਦ ਬਹੁਤ ਸਾਰੇ ਵਿਅਕਤੀ ਸਮੇਂ ਦੀ ਕਮੀ ਦੀ ਸ਼ਿਕਾਇਤ ਕਰਦੇ ਹਨ।

**ਕੰਮ ਦੀ ਤੇਜ਼ੀ**-ਪਿਛਲੇ ਕੁਝ ਦਹਾਕਿਆਂ ਵਿੱਚ ਤਕਨੀਕੀ ਨਵੀਨੀਕਰਨਾਂ ਨੇ ਸਾਡੇ ਕੰਮ ਕਰਨ ਦੇ ਢੰਗ ਨੂੰ ਬਦਲ ਦਿੱਤਾ ਹੈ। ਨਿੱਜੀ ਕੰਪਿਊਟਰਾਂ ਦੇ ਗਲਤੀ ਰਹਿਤ ਨਤੀਜ਼ਿਆਂ ਤੋਂ ਲੈ ਕੇ ਸਮਾਰਟਫੋਨਾਂ ਦੀ ਤੇਜ਼ੀ ਨੇ ਉਤਪਾਦਕਤਾ ਨੂੰ ਵਧਾਉਣ ਲਈ ਬਣਾਏ ਗਏ ਸੰਦ ਹੁਣ ਹਰ ਜਗ੍ਹਾ ਮੌਜੂਦ ਹਨ। ਉਦਾਹਰਣ ਵਜੋਂ ਈਮੇਲ ਨੇ ਪਰੰਪਰਾਗਤ ਹੱਥ ਲਿਖਤ ਡਾਕ ਦਾ ਸਥਾਨ ਲੈ ਲਿਆ ਹੈ ਅਤੇ ਆਧੁਨਿਕ ਵਿਗਿਆਨ ਦੀ ਇਹ ਕਾਢ ਦੁਨੀਆ ਭਰ ਵਿੱਚ ਤੁਰੰਤ ਸੰਚਾਰ ਦੀ ਆਗਿਆ ਦਿੰਦਾ ਹੈ।ਇਸ ਬਦਲਾਅ ਨੇ ਜਾਣਕਾਰੀ ਭੇਜਣ ਅਤੇ ਪ੍ਰਾਪਤ ਕਰਨ ਵਿੱਚ ਲੱਗਣ ਵਾਲੇ ਸਮੇਂ ਨੂੰ ਬਹੁਤ ਘਟਾ ਦਿੱਤਾ ਹੈ ਜਿਸ ਨਾਲ ਕਾਰੋਬਾਰਾਂ ਨੂੰ ਬਹੁਤ ਤੇਜ਼ੀ ਨਾਲ ਕੰਮ ਕਰਨ ਦੀ ਯੋਗਤਾ ਮਿਲੀ ਹੈ।

ਇਸ ਤੋਂ ਇਲਾਵਾ ਕੰਮ ਦੀ ਤੇਜੀ ਨਾਲ ਉੱਛਲੀ ਅਰਥਵਿਵਸਥਾ ਨੇ ਰੋਜ਼ਗਾਰ ਨੂੰ ਦੁਬਾਰਾ ਪਰਿਭਾਸ਼ਿਤ ਕੀਤਾ ਹੈ। ਅਰਥ ਵਿਵਸਥਾ ਵਿੱਚ ਤੇਜੀ ਨੇ ਵੱਖ-ਵੱਖ ਕੰਮਾਂ ਤੇ ਕਾਰਜਾਂ ਲਈ ਲਚਕੀਲੀਆਂ ਨੌਕਰੀਆਂ ਦੇ ਮੌਕੇ ਪ੍ਰਦਾਨ ਕੀਤੇ ਹਨ। ਸੰਸਾਰ ਦੀਆਂ ਕਈ ਨਾਮੀ ਕੰਪਨੀਆਂ ਨੇ ਵਿਅਕਤੀਆਂ ਨੂੰ ਇਕੱਠੇ ਕਈ ਨੌਕਰੀਆਂ ਕਰਨ ਦੀ ਆਗਿਆ ਦਿੱਤੀ ਹੈ ਜਿਸ ਨਾਲ ਉਹ ਆਪਣੇ ਆਰਥਿਕ ਵਿਕਾਸ ਦੀਆਂ ਸੰਭਾਵਨਾਵਾਂ ਨੂੰ ਵਧਾਉਂਦੇ ਹਨ ਅਤੇ ਪਰੰਪਰਾਗਤ ਨੌਕਰੀ ਖੋਜ 'ਤੇ ਲੱਗਣ ਵਾਲੇ ਸਮੇਂ ਨੂੰ ਘਟਾਉਂਦੇ ਹਨ।

**ਸਮੇਂ ਦੀ ਬਚਤ ਦਾ ਵਹਿਮ** -ਇਨ੍ਹਾਂ ਵਿਕਾਸਾਂ ਦੇ ਬਾਵਜੂਦ ਬਹੁਤ ਸਾਰੇ ਲੋਕ ਹੁਣ ਪਹਿਲਾਂ ਤੋਂ ਵੀ ਵੱਧ ਸਮੇਂ ਦੀ ਘਾਟ ਮਹਿਸੂਸ ਕਰਦੇ ਹਨ। ਮਨੋਵਿਗਿਆਨਿਕ ਸੰਸਥਾਵਾਂ ਦੁਆਰਾ ਕੀਤੇ ਗਏ ਕਈ ਸਰਵੇਖਣਾਂ ਨੇ ਦਰਸਾਇਆ ਕਿ 58% ਲੋਕ ਆਪਣੇ ਰੋਜ਼ਾਨਾ ਦੀ ਜ਼ਿੰਮੇਵਾਰੀ ਨਾਲ ਥੱਕੇ ਹੋਏ ਮਹਿਸੂਸ ਕਰਦੇ ਹਨ ਜਿਸ ਕਾਰਣ ਇਹ ਲੋਕ ਆਪਣੇ ਕੰਮ-ਜੀਵਨ ਦੀ ਸੰਤੁਸ਼ਟੀ ਤੋਂ ਅਸੰਤੁਸ਼ਟ ਹਨ।ਇਹ ਅੰਕੜੇ ਬਹੁਤ ਹੈਰਾਨੀ ਜਨਕ ਹਨ ਕਿ ਕੰਮਾਂ ਨੂੰ ਪੂਰਾ ਕਰਨ ਦੀ ਪ੍ਰਕਿਰਿਆ ਤੇਜ਼ ਅਤੇ ਆਸਾਨ ਹੋਣ ਦੇ ਬਾਵਜੂਦ ਇਨਸਾਨਾਂ ਕੋਲ ਸਮੇਂ ਦੀ ਘਾਟ ਹੁੰਦੀ ਜਾਂਦੀ ਹੈ।

ਆਵਾਜ਼ ਕੌਮ
AWAZE QAUM
International Newspaper & WEB TV

ਇਸ ਕਿਰਿਆ ਨੂੰ ਕਈ ਕਾਰਨਾਂ ਨਾਲ ਜੋੜਿਆ ਜਾ ਸਕਦਾ ਹੈ। ਪਹਿਲਾਂ, ਤਕਨੀਕੀ ਤੌਰ 'ਤੇ ਹਮੇਸ਼ਾਂ-ਚਾਲੂ ਸੰਸਕਾਰ ਬਣਾਉਂਦੀ ਹੈ, ਜਿੱਥੇ ਵਿਅਕਤੀਆਂ ਦੀ ਉਮੀਦ ਕੀਤੀ ਜਾਂਦੀ ਹੈ ਕਿ ਉਹ ਰਾਤ ਦੇ ਸਮੇਂ ਵੀ ਉਪਲਬਧ ਰਹਿਣ। ਸਮਾਰਟਫੋਨਾਂ ਅਤੇ ਸੋਸ਼ਲ ਮੀਡੀਆ ਦੀ ਸੁਵਿਧਾ ਦਾ ਮਤਲਬ ਇਹ ਹੈ ਕਿ ਕੰਮ ਨਾਲ ਸਬੰਧਿਤ ਸੰਚਾਰ ਨਿੱਜੀ ਸਮੇਂ ਵਿੱਚ ਦਖਲ ਅੰਦਾਜ਼ੀ ਕਰ ਸਕਦਾ ਹੈ ਜੋ ਪੇਸ਼ੇਵਰ ਅਤੇ ਨਿੱਜੀ ਜੀਵਨ ਵਿਚਕਾਰ ਤੇ ਫਰਕ ਨੂੰ ਧੁੰਦਲਾ ਕਰਦਾ ਹੈ। ਆਧੁਨਿਕ ਸਮੇਂ ਦੇ ਅਧਿਐਨ ਨੇ ਦਰਸਾਇਆ ਕਿ 46% ਕਾਰਜਰਤ ਵੱਡੇ ਲੋਕ ਗੈਰ-ਕੰਮ ਸਮੇਂ ਦੌਰਾਨ ਕੰਮ ਦੇ ਈਮੇਲ ਜਾਂਚਦੇ ਹਨ ਜਿਸ ਨਾਲ ਥੱਕਾਵਟ ਅਤੇ ਦਬਾਅ ਮਹਿਸੂਸ ਹੁੰਦਾ ਹੈ।

ਇਸ ਤੋਂ ਇਲਾਵਾ ਅੱਜ ਦੇ ਸਮੇਂ ਵਿੱਚ ਉਪਲਬਧ ਵਿਕਲਪਾਂ ਦੀ ਸੰਖਿਆ ਫੈਸਲੇ ਦੀ ਥੱਕਾਵਟ ਦਾ ਕਾਰਨ ਬਣ ਸਕਦੀ ਹੈ। ਮਨੋਰੰਜਨ, ਖਾਣ-ਪੀਣ ਅਤੇ ਖਰੀਦਦਾਰੀ ਲਈ ਅਨੇਕ ਵਿਕਲਪਾਂ ਦੇ ਨਾਲ ਵਿਅਕਤੀ ਸ਼ਾਇਦ ਆਪਣੇ ਮਨਪਸੰਦ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੀ ਬਜਾਏ ਚੋਣ ਕਰਨ ਵਿੱਚ ਵੱਧ ਸਮਾਂ ਬਿਤਾਉਂਦੇ ਹਨ। ਉਪਰੋਕਤ ਤਜਰਬਿਆਂ ਤੋਂ ਪ੍ਰਗਟ ਹੁੰਦਾ ਹੈ ਕਿ ਵਿਅਕਤੀ ਬਿਨਾਂ ਕਿਸੇ ਕਾਰਜ ਦੇ ਮਾਨਸਿਕ ਥਕਾਵਟ ਮਹਿਸੂਸ ਕਰਦੇ ਹਨ ਅਤੇ ਇਸ ਦਾ ਨਤੀਜਾ ਸਮੇਂ ਦੀ ਘਾਟ ਬਣਦਾ ਹੈ।

**ਰੁੱਜੇ ਰਹਿਣ ਦੀ ਸੰਸਕਾਰ** -ਅੱਜ ਕੱਲ ਦੇ ਯੁੱਗ ਵਿੱਚ ਰੁੱਜੇ ਰਹਿਣ ਦੀ ਸਮਾਜਿਕ ਧਾਰਨਾ ਵੀ ਵਿਕਸਤ ਹੋਈ ਹੈ। ਕਈ ਸੰਸਕਾਰਾਂ ਵਿੱਚ ਰੁੱਜੇ ਰਹਿਣ ਨੂੰ ਸਫਲਤਾ ਅਤੇ ਉਤਪਾਦਕਤਾ ਨਾਲ ਜੋੜਿਆ ਜਾਂਦਾ ਹੈ। ਇਸ ਮਨੋਵਿਰਤੀ ਕਾਰਨ ਸਮਾਜ ਦੇ ਬਹੁਤ ਸਾਰੇ ਵਿਅਕਤੀਆਂ ਨੂੰ ਆਪਣੀਆਂ ਸ਼ਿਡਊਲਾਂ ਨੂੰ ਗਤੀਵਿਧੀਆਂ ਅਤੇ ਜ਼ਿੰਮੇਵਾਰੀਆਂ ਨਾਲ ਭਰਨਾ ਪੈਂਦਾ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ ਇਸ ਚੱਕਰ ਨੂੰ ਪੈਦਾ ਕਰਨ ਵਿੱਚ ਇੱਕ ਮਹੱਤਵਪੂਰਕ ਭੂਮਿਕਾ ਨਿਭਾਉਂਦੀ ਹੈ। ਇੰਸਟਾਗਰਾਮ ,ਫੇਸਬੁੱਕ ਅਤੇ ਟਵਿੱਟਰ ਜਿਹੇ ਪਲੇਟਫਾਰਮ ਜੀਵਨ ਸ਼ੈਲੀ ਨੂੰ ਕਾਫੀ ਰੁਝੇਵਿਆਂ ਭਰਿਆ ਦਰਸਾਉਂਦੇ ਹਨ। ਜਿਵੇਂ ਹੀ ਉਪਭੋਗਤਾ ਆਪਣੇ ਸਹਿਕਰਮੀ ਦੀਆਂ ਤਸਵੀਰਾਂ 'ਤੇ ਸਕ੍ਰੋਲ ਕਰਦੇ ਹਨ ਜੋ ਰਾਤ ਦੇ ਸਮੇਂ ਕੰਮ ਕਰ ਰਹੇ ਹਨ ਜਾਂ ਦੋਸਤ ਜਿਨ੍ਹਾਂ ਦੇ ਇਕੋਂ ਸਮੇਂ ਕਈ ਪ੍ਰੋਜੈਕਟਾਂ ਚੱਲ ਪਏ ਹਨ ਤਾਂ ਉਸ ਸਮੇਂ ਉਹਨਾਂ ਨੂੰ ਪਿੱਛੇ ਰਹਿਣ ਦਾ ਅਹਿਸਾਸ ਮਹਿਸੂਸ ਹੁੰਦਾ ਹੈ ਜਿਸ ਨਾਲ ਇੱਕ ਅੰਤਹਿਨ ਚੱਕਰ ਬਣ ਜਾਂਦਾ ਹੈ ਜੋ ਹੋਰ ਕਰਨ ਲਈ ਪ੍ਰੇਰਿਤ ਕਰਦਾ ਹੈ ਬਿਨਾਂ ਕਿਸੇ ਯੋਗ ਅਰਾਮ ਲਈ।

**ਇੱਕ ਤੇਜ਼ ਰਫ਼ਤਾਰ ਵਾਲੀ ਦੁਨੀਆ ਵਿੱਚ ਸੰਤੁਲਨ ਲੱਭਣਾ**-ਸੰਸਾਰ ਦੇ ਪ੍ਰਸਿੱਧ ਵਿਸ਼ਾ ਮਾਹਿਰਾਂ ਦਾ ਸੁਝਾਅ ਹੈ ਕਿ ਆਪਣੇ ਆਪ ਦੀ ਦੇਖਭਾਲ ਨੂੰ ਪ੍ਰਾਥਮਿਕਤਾ ਦੇਣਾ ਅਤੇ ਕੰਮ ਦੀ ਸੀਮਾ ਖੜੀ ਕਰਨਾ ਸਮੇਂ ਨੂੰ ਦੁਬਾਰਾ ਫੁਰਸਤ ਭਰਿਆ ਪ੍ਰਾਪਤ ਕਰਨ ਲਈ ਮਹੱਤਵਪੂਰਣ ਹੈ। ਮਾਈਂਡਫੁਲਨੈੱਸ ਅਭਿਆਸ ਜਿਵੇਂ ਕਿ ਧਿਆਨ ਅਤੇ ਯੋਗਾ ਦਬਾਅ ਘੱਟ ਕਰਨ ਅਤੇ ਧਿਆਨ ਵਧਾਉਣ ਲਈ ਪ੍ਰਭਾਵਸ਼ਾਲੀ ਸੰਦ ਬਣ ਗਏ ਹਨ।

ਇਸ ਤੋਂ ਇਲਾਵਾ ਸੰਸਾਰ ਭਰ ਦੇ ਕਈ ਸੰਗਠਨਾਂ ਨੇ ਕਰਮਚਾਰੀਆਂ ਦੀ ਭਲਾਈ ਦੇ ਮਹੱਤਵ ਨੂੰ ਸਮਝਣਾ ਸ਼ੁਰੂ ਕੀਤਾ ਹੈ। ਕਈ ਕੰਪਨੀਆਂ ਨੇ ਚਾਰ-ਦਿਨ ਦੇ ਕੰਮ ਦੇ ਹਫ਼ਤੇ ਅਤੇ ਅਸੀਮਿਤ ਛੁੱਟੀਆਂ ਦੀਆਂ ਨੀਤੀਆਂ ਲਾਗੂ ਕੀਤੀਆਂ ਹਨ ਤਾਂ ਜੋ ਇੱਕ ਚਿੰਤਾ ਮੁਕਤ ਕੰਮ-ਜੀਵਨ ਦਾ ਸੰਤੁਲਨ ਪ੍ਰੋਤਸਾਹਿਤ ਕੀਤਾ ਜਾ ਸਕੇ। ਇਹ ਪਹਿਲਕਾਰੀਆਂ ਨਾ ਸਿਰਫ ਕਰਮਚਾਰੀ ਦੀ ਸੰਤੁਸ਼ਟੀ ਨੂੰ ਸੁਧਾਰਦੀਆਂ ਹਨ ਪਰ ਕੁੱਲ ਉਤਪਾਦਕਤਾ ਨੂੰ ਵੀ ਵਧਾਉਂਦੀਆਂ ਹਨ।

ਸਾਡੇ ਭੌਤਿਕ ਸੰਸਾਰ ਵਿੱਚ ਸਮੇਂ ਦੇ ਘੱਟਣ ਵਾਲੀ ਧਾਰਨਾ ਚੁਣੌਤੀਆਂ ਅਤੇ ਮੌਕੇ ਦੋਹਾਂ ਪੈਦਾ ਕਰਦੀ ਹੈ। ਬੇਸ਼ੱਕ ਇਹ ਇੱਕ ਅਟੱਲ ਸੱਚਾਈ ਹੈ ਕਿ ਤਕਨੀਕੀ ਵਿਕਾਸ ਨੇ ਕੰਮਾਂ ਨੂੰ ਪੂਰਾ ਕਰਨ ਵਿੱਚ ਕੁਸ਼ਲਤਾ ਅਤੇ ਰਫ਼ਤਾਰ ਵਿੱਚ ਨਿਸ਼ਿਚਤ ਤੌਰ 'ਤੇ ਵਾਧਾ ਕੀਤਾ ਹੈ ਪ੍ਰੰਤੂ ਇਸ ਦੇ ਕੂ ਪ੍ਰਭਾਵ ਵਜੋਂ ਹਰੇਕ ਇਨਸਾਨ ਵਿੱਚ ਰੁੱਝੇ ਰਹਿਣ ਦੀ ਭਾਵਨਾ ਵੀ ਪੈਦਾ ਕੀਤ੍ਹੀਹੈ ਜੋ ਬਹੁਤ ਸਾਰੇ ਲੋਕਾਂ ਨੂੰ ਥੱਕਾਵਟ ਮਹਿਸੂਸ ਕਰਾਉਂਦੀ ਹੈ। ਅਜੋਕੇ ਯੁੱਗ ਦੇ ਵਿਅਕਤੀ ਅਤੇ ਸੰਗਠਨ ਇਸ ਤੇਜ਼ ਰਫ਼ਤਾਰ ਵਾਲੇ ਵਾਤਾਵਰਨ ਵਿੱਚ ਆਪਣੇ ਆਪ ਨੂੰ ਢਾਲਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਭਲਾਈ ਨੂੰ ਪ੍ਰਾਥਮਿਕਤਾ ਦੇਈਏ ਅਤੇ ਸਮੇਂ ਨਾਲ ਆਪਣੇ ਰਿਸ਼ਤੇ ਨੂੰ ਦੁਬਾਰਾ ਪਰਿਭਾਸ਼ਿਤ ਕਰੀਏ—ਇਹਨਾਂ ਨੂੰ ਦਬਾਅ ਦਾ ਸਰੋਤ ਬਣਾਉਣ ਦੀ ਬਜਾਏ ਖੁਸ਼ੀ ਅਤੇ ਆਨੰਦ ਦਾ ਰਾਹ ਬਣਾਉਣ ਵਾਲਾ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਕਾਸ਼ੀ ਯੂਨੀਵਰਸਿਟੀ ਦੀ 5ਵੀਂ ਕਨਵੋਕੇਸ਼ਨ

# 25 ਜਨਵਰੀ 2026 ਨੂੰ ਆਯੋਜਿਤ ਹੋਵੇਗੀ










ਤਲਵੰਡੀ ਸਾਬੋ, 21 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਦੇ ਖੇਤਰ ਵਿੱਚ ਨਵਾਂ ਮੀਲ ਪੱਥਰ ਸਥਾਪਿਤ ਕਰਦੇ ਹੋਏ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਵੱਲੋਂ 25 ਜਨਵਰੀ 2026 ਨੂੰ ਆਪਣੀ 5ਵੀਂ ਕਨਵੋਕੇਸ਼ਨ ਆਯੋਜਿਤ ਕੀਤੀ ਜਾ ਰਹੀ ਹੈ । ਆਯੋਜਨ ਬਾਰੇ ਜਾਣਕਾਰੀ ਦਿੰਦਿਆਂ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਵਾਈਸ ਚਾਂਸਲਰ, ਜੀ.ਕੇ.ਯੂ, ਨੇ ਦੱਸਿਆ ਕਿ ਕਨਵੋਕੇਸ਼ਨ ਵਿੱਚ ਸ਼੍ਰੀ ਲੰਕਾ ਦੇ ਪ੍ਰਧਾਨ ਮੰਤਰੀ ਦੇ ਸਕੱਤਰ ਕਮ ਅਟੋਰਨੀ-ਐਟ-ਲਾਅ ਸ਼੍ਰੀਲੰਕਾ ਸੁਪਰੀਮ ਕੋਰਟ, ਜੀ. ਪਰਦੀਪ ਸਪੁਤਾਂਥਰੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਤੇ ਕਨਵੋਕੇਸ਼ਨ ਨੂੰ ਸੰਬੋਧਨ ਕਰਨਗੇ। ਇਸ ਦੀ ਪ੍ਰਧਾਨਗੀ ਜੀ.ਕੇ.ਯੂ. ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਵੱਲੋਂ ਕੀਤੀ ਜਾਵੇਗੀ। ਡਿਗਰੀ ਵੰਡ ਸਮਾਰੋਹ ਵਿੱਚ ਦੇਸ਼ਾਂ ਵਿਦੇਸ਼ਾਂ ਦੇ ਨਾਮਵਰ ਵਿੱਦਿਆ ਮਾਹਿਰ ਪ੍ਰੋ.ਕੇ.ਸ਼ਿਵਚਿਥੱਪਾ, ਵਾਈਸ ਚਾਂਸਲਰ, ਮਾਂਡਿਆ ਯੂਨੀਵਰਸਿਟੀ ਅਤੇ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ, ਵਾਈਸ-ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਸੰਬੰਧੀ ਬਠਿੰਡਾ ਵਿਖੇ ਆਯੋਜਿਤ ਕੀਤੀ ਗਈ ਪ੍ਰੈਸ ਕਾਨਫਰੰਸ ਵਿੱਚ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ, ਪਰੋ. ਵਾਈਸ ਚਾਂਸਲਰ ਨੇ ਦੱਸਿਆ ਕਿ ਕਨਵੋਕੇਸ਼ਨ ਮੌਕੇ ਵੱਖ-ਵੱਖ ਅਕਾਦਮਿਕ ਪ੍ਰੋਗਰਾਮ ਨੂੰ ਸਫਲਤਾਪੂਰਵਕ ਮੁਕੰਮਲ ਕਰਨ ਵਾਲੇ 514 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ ਜਾਣਗੀਆਂ। ਜਿਸ ਵਿੱਚ ਪੀ.ਐੱਚ.ਡੀ. (56), ਪੀ.ਜੀ. ਡਿਪਲੋਮਾ (09), ਮਾਸਟਰ (145) ਅਤੇ ਬੈਚਲਰ (313) ਡਿਗਰੀਆਂ ਵੰਡੀਆਂ ਜਾਣਗੀਆਂ। ਵਿੱਦਿਆ ਦੇ ਖੇਤਰ ਵਿੱਚ ਵਿਲੱਖਣ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਜਾਵੇਗਾ। ਸਮਾਰੋਹ ਵਿੱਚ ਯੂਨੀਵਰਸਿਟੀ ਨਿਯਮਾਂ ਅਨੁਸਾਰ ਵਿੱਦਿਅਕ ਖੇਤਰ ਵਿੱਚ ਅਸਾਧਾਰਣ ਅਤੇ ਉੱਚ ਪੱਧਰੀ ਪ੍ਰਾਪਤੀ ਕਰਨ ਵਾਲੇ ਵਿਦਿਆਰਥੀ ਨੂੰ ਚਾਂਸਲਰ ਮੈਡਲ, ਵਾਈਸ ਚਾਂਸਲਰ ਮੈਡਲ ਤੇ ਡਾ. ਏ.ਪੀ.ਜੇ ਅਬਦੁੱਲ ਕਲਾਮ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਸਮਾਰੋਹ ਵਿੱਚ ਡਾ. ਦੁੱਲਨ ਅਮਿਤੀ ਹਿਤਾਰਾਚੀ, (ਸ਼੍ਰੀਲੰਕਾ) ਨੂੰ ਅੰਤਰ ਰਾਸ਼ਟਰੀ ਕੂਟਨੀਤੀ, ਗੌਰਵ ਮਲਹੋਤਰਾ (ਆਸਟ੍ਰੇਲਿਆ) ਨੂੰ ਸਮਾਜ ਸੇਵਾ ਅਤੇ ਅੰਕੁਰ ਅਗਰਵਾਲ (ਦੁਬੱਈ) ਨੂੰ ਰਿਅਲ ਅਸਟੇਟ ਅਤੇ ਆਰਕੀਟੈਕਚਰ ਦੇ ਖੇਤਰ ਵਿੱਚ ਕੀਤੇ ਨਵੀਨਤਮ ਕਾਰਜਾਂ ਕਰਕੇ ਡੀ-ਲਿੱਟ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਜਾਵੇਗਾ। ਕਾਨਫਰੰਸ ਮੌਕੇ ਡਾ. ਵਿਜੈ ਲਕਸ਼ਮੀ, ਕਨਵੀਨਰ ਅਲੂਮਨੀਮੀਟ, ਨੇ ਦੱਸਿਆ ਕਿ ਪੁਰਾਣੇ ਵਿਦਿਆਰਥੀਆਂ ਵੱਲੋਂ ਆਪਣੇ ਸੰਘਰਸ਼, ਪ੍ਰਾਪਤੀਆਂ ਅਤੇ ਮਿੱਠੀਆਂ ਯਾਦਾਂ ਨੂੰ ਸਾਂਝਾ ਕਰਨ ਲਈ ਵਰਸਿਟੀ ਵਿਖੇ ਮਿਤੀ 24 ਜਨਵਰੀ 2026 ਨੂੰ ਅਲੂਮਨੀਮੀਟ ਦਾ ਆਯੋਜਨ ਵੀ ਕੀਤਾ ਜਾ ਰਿਹਾ ਹੈ। ਜਿਸ ਵਿੱਚ ਵਰਸਿਟੀ ਦੇ 500 ਤੋਂ ਜ਼ਿਆਦਾ ਵਿਦਿਆਰਥੀ ਆਪਣੇ ਤਜ਼ੁਰਬੇ ਅਤੇ ਸਫਲਤਾਂ ਦੀਆਂ ਕਹਾਣੀਆਂ ਸਾਂਝੀਆਂ ਕਰਨਗੇ। ਕਾਨਫਰੰਸ ਮੌਕੇ ਡਾ. ਧੀਮਾਨ ਵੱਲੋਂ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ। ਇਸ ਮੌਕੇ ਡਾ. ਗੁਰਪ੍ਰੀਤ ਕੌਰ ਡੀਨ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਨੇ ਦੱਸਿਆ ਕਿ ਅਲੋਪ ਹੋ ਰਹੇ ਤੰਤੀ ਸਾਜ਼ ਰਬਾਬ ਨੂੰ ਹਰਮਨ ਪਿਆਰਾ ਬਣਾਉਣ ਲਈ ਜੀ.ਕੇ.ਯੂ ਵਿਖੇ ਸਥਾਪਿਤ ਗੁਰੂ ਨਾਨਕ ਚੇਅਰ ਅਤੇ ਭਾਈ ਮਰਦਾਨਾ ਚੇਅਰ ਵੱਲੋਂ ਮਿਤੀ 26 ਜਨਵਰੀ ਸਵੇਰੇ 11 ਵਜੇ ਅੰਤਰਰਾਸ਼ਟਰੀ ਰਬਾਬ ਉਤਸਵ ਅਯੋਜਿਤ ਕੀਤਾ ਜਾ ਰਿਹਾ ਹੈ। ਜਿਸ ਵਿੱਚ ਨਾਮਵਰ ਰਬਾਬ ਵਾਦਕ ਉਸਤਾਦ ਹੁਮਾਯੂ ਸਖੀ (ਅਮਰੀਕਾ) ਆਪਣੀ ਕਲਾ ਦਾ ਜੌਹਰ ਵਿਖਾਉਣਗੇ। ਉਤਸਵ ਵਿੱਚ ਪੰਡਿਤ ਸਿਧਾਰਥ ਚਟਰਜੀ ਤਬਲਾ ਵਾਦਕ ਅਤੇ ਲੀਨਾ ਬੇਦੀ (ਅਮਰੀਕਾ) ਆਪਣੇ ਗਾਇਨ ਰਾਹੀਂ ਉਹਨਾਂ ਦੀ ਸੰਗਤ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਦੀ

# ਮਹੀਨਾਵਾਰ ਹੋਈ ਮੀਟਿੰਗ



ਤਲਵੰਡੀ ਸਾਬੋ, 21 ਜਨਵਰੀ (ਗੁਰਜੰਟ ਸਿੰਘ ਨਥੇਹਾ)- ਦੀ ਬਠਿੰਡਾ ਰੂਰਲ ਕਮਿਸਟ ਐਸੋਸੀਏਸ਼ਨ (ਰਜਿ.85) ਦੀ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਹੋਈ। ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦਾ ਪੂਰਾ ਸਹਿਯੋਗ ਦਿੱਤਾ ਜਾਵੇਗਾ ਅਤੇ ਸਰਕਾਰ ਦੀ ਚਲਾਈ ਗਈ ਮੁਹਿੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਵਾਈਸ ਪ੍ਰਧਾਨ ਹਰਚਰਨ ਸਿੰਘ ਚੱਠਾ, ਪ੍ਰੈੱਸ ਸਕੱਤਰ ਬਲਕਾਰ ਸਿੰਘ ਜੱਜਲ, ਖਜਾਨਚੀ ਵਿਜੇ ਸ਼ੇਖੂ, ਬੂਟਾ ਸਿੰਘ ਬੰਗੀ ਦੀਪਾ, ਨਵਦੀਪ ਸਿੰਘ ਨਥੇਹਾ, ਪਰਮਜੀਤ ਸਿੰਘ ਚੱਠੇ ਵਾਲਾ, ਬੂਟਾ ਸਿੰਘ ਜਿਉਣ ਸਿੰਘ ਵਾਲਾ, ਹਰਭਗਵਾਨ ਸਿੰਘ ਕੋਟਬਖਤੂ, ਮੰਦਰ ਸਿੰਘ ਫੁਲੋਖਾਰੀ, ਸੁਖਪਾਲ ਸਿੰਘ ਬਹਿਮਣ ਜੱਸਾ, ਗਗਨਦੀਪ ਸਿੰਘ ਸੀਂਗੋ, ਹੈਪੀ ਸੀਂਗੋ, ਅਵਤਾਰ ਸਿੰਘ ਕੌਰੇਆਣਾ, ਅਜੀਤਪਾਲ ਸਿੰਘ ਤਿਉਣਾ ਪੁਜਾਰੀਆਂ, ਪਰਮਜੀਤ ਸਿੰਘ ਮਾਹੀਨੰਗਲ, ਸਵਰਾਜ ਸਿੰਘ ਸੁਖਲੱਧੀ, ਮੰਦਰ ਸਿੰਘ ਫੁਲੋਖਾਰੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਮਹਾਨ ਨਗਰ ਕੀਰਤਨ 26 ਜਨਵਰੀ ਦਿਨ ਸੋਮਵਾਰ ਨੂੰ



ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਸਤਿਗੁਰ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ 26 ਜਨਵਰੀ ਦਿਨ ਸੋਮਵਾਰ ਨੂੰ ਗੁਰਦੁਆਰਾ ਗੁਰੂ ਰਵਿਦਾਸ ਜੀ ਤੋਂ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਜਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਸਰਦਾਰ ਤਰਸੇਮ ਸਿੰਘ ਖਾਲਸਾ ਰਸੂਲਪੁਰ ਨੇ ਕਿਹਾ ਕਿ ਸਤਿਗੁਰ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਸਮੂਹ ਗੁਰਸੰਗਤਾਂ ਦੇ ਸਹਿਯੋਗ ਨਾਲ ਸਜਾਏ ਜਾ ਰਹੇ ਮਹਾਨ ਨਗਰ ਕੀਰਤਨ ਦੀਆਂ ਤਿਆਰੀਆਂ ਅਰੰਭ ਕਰ ਦਿੱਤੀਆਂ ਹਨ। ਤੇ ਮਹਾਨ ਨਗਰ ਕੀਰਤਨ ਵਿੱਚ ਜਗਤਾਰ ਸਿੰਘ ਧਾਂਦਰਾ ਦਾ ਪ੍ਰਸਿੱਧ ਕਵੀਸ਼ਰੀ ਜੱਥਾ ਗੁਰਸੰਗਤਾਂ ਨੂੰ ਕਵੀਸ਼ਰੀ ਕਲਾ ਰਾਹੀਂ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰੇਗਾ, ਤੇ ਮਹਾਨ ਨਗਰ ਕੀਰਤਨ ਦੀ ਸਵੇਰੇ ਅਰਦਾਸ ਕਰਨ ਨਾਲ ਅਰੰਭਤਾ ਹੋਵੇਗੀ, ਤੇ ਮਹਾਨ ਨਗਰ ਕੀਰਤਨ ਨਗਰ ਦੀਆਂ ਵੱਖ ਵੱਖ ਥਾਵਾਂ ਦੀ ਪ੍ਰਕਰਮਾ ਕਰਦਾ ਹੋਇਆ ਸਾਮ ਨੂੰ ਵਾਪਿਸ ਆਪਣੇ ਸਥਾਨਾਂ ਤੇ ਪੁੱਜੇਗਾ, ਅੰਤ ਵਿੱਚ ਉਨ੍ਹਾਂ ਸਮੂਹ ਗੁਰਸੰਗਤਾਂ ਨੂੰ ਅਪੀਲ ਕੀਤੀ ਕਿ ਸਮੂਹ ਗੁਰਸੰਗਤਾਂ ਮਹਾਨ ਨਗਰ ਕੀਰਤਨ ਦੇ ਦਰਸ਼ਨ ਦੀਦਾਰੇ ਕਰਨ ਲਈ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰ ਕੇ ਅਤੇ ਗੁਰ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰਨ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਵਿੱਚ ਲੀਡਰਾਂ ਦੇ ਪਰਿਵਾਰਾਂ ਨੂੰ ਹੱਥਾਂ ਨਾਲ ਦਿੱਤੀਆਂ ਗੰਢਾਂ ਆਖਰ ਮੂੰਹ ਨਾਲ ਖੋਲਣੀਆਂ ਹੀ ਪੈਣਗੀਆਂ : ਹਰਪੁਰਾ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ) -ਪੰਜਾਬ ਵਿਧਾਨ ਸਭਾ ਵਾਲੀ ਮੁੱਖ ਮੰਤਰੀ ਦੀ ਕੁਰਸੀ ਤੇ ਪੰਜਾਬ ਦੀਆ ਰਾਜਨੀਤਕ ਪਾਰਟੀਆਂ ਦੇ ਨੇਤਾ ਬਿਰਾਜਮਾਨ ਹੁੰਦੇ ਰਹੇ ਹਨ। ਭੋਲੇ ਭਾਲੇ ਲੋਕਾਂ ਨੂੰ ਜਾਤੀਵਾਦ, ਧਰਮ ਫਿਰਕਿਆਂ, ਭਾਸ਼ਾ, ਪੰਜਾਬ ਦੀ ਰਾਜਧਾਨੀ ਤੇ ਪਾਣੀਆਂ ਦੇ ਮੁੱਦੇ ਉੱਪਰ ਗੁੰਮਰਾਹ ਕਰਦੇ ਹਨ। ਇੱਕ ਦਿਨ ਏਹੋ ਜਿਹੀ ਹਵਾ ਚੱਲੇਗੀ ਕਿ ਪੰਜਾਬ ਦੇ ਲੀਡਰ ਧੂੜ ਦੇ ਬੱਦਲਾਂ ਵਾਂਗ ਕਿਤੇ ਨਜ਼ਰ ਵੀ ਨਹੀਂ ਆਉਣਗੇ। ਪਰ ਇਹ ਸਭ ਕੁਝ ਪੰਜਾਬ ਦੇ ਲੀਡਰਾਂ ਨੇ ਲੋਕਾਂ ਨੂੰ ਸਿਖਾਇਆ ਜੋ ਚੋਣ ਮੈਨੀਫੈਸਟੋ ਸਟੇਜ ਤੇ ਪੜ੍ਹਕੇ ਦੱਸ ਦਿੰਦੇ ਸਨ ਅਤੇ ਭੋਲੇ ਭਾਲੇ ਲੋਕਾਂ ਤੋਂ ਜਿੰਦਾਬਾਦ ਦੇ ਨਾਅਰੇ ਮਰਵਾਕੇ ਸਰਕਾਰ ਬਣਾਕੇ ਪੰਜ ਸਾਲ ਲੋਕਾਂ ਨੂੰ ਮਿਲਦੇ ਵੀ ਨਹੀਂ ਤੇ ਰੱਜਕੇ ਲੋਕਾਂ ਨੂੰ ਚੂਨਾ ਲਗਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂਐਸਏ ਨੇ ਕੀਤਾ। ਉਨ੍ਹਾਂ ਕਿਹਾ ਕਿ ਲੀਡਰਾਂ ਦੇ ਨੇੜੇ ਰਹਿਣ ਵਾਲੇ ਲੋਕਾਂ ਦੇ ਕਹਿਣ ਉੱਪਰ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਤੇ ਆਮ ਲੋਕਾਂ ਤੇ ਪੱਤਰਕਾਰ ਭਾਈਚਾਰੇ ਉੱਪਰ ਨਜਾਇਜ਼ ਪਰਚੇ ਕੀਤੇ ਜਾ ਰਹੇ ਹਨ ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਮਿਲ ਰਿਹਾ ਹੈ। ਅਤੇ ਇਸ ਦੇ ਨਾਲ ਹੀ ਜਨਤਕ ਲੋਕਾਂ ਦਾ ਵੀ ਕਹਿਣਾ ਹੈ ਕਿ ਲੋਕ ਲਹਿਰ ਵਿੱਚੋਂ ਨਿਕਲਿਆ ਲਾਵਾ ਪੰਜਾਬ ਦੇ ਲੀਡਰਾਂ ਲਈ ਘਾਤਕ ਸਿੱਧ ਹੋਵੇਗਾ ਤੇ ਪਬਲਿਕ ਦੇ ਸਵਾਲਾਂ ਦੇ ਜਵਾਬ ਦੇਣੇ ਔਖੇ ਹੋ ਜਾਣਗੇ ਆਖ਼ਰ ਆਪਣੇ ਹੱਥਾਂ ਨਾਲ ਦਿੱਤੀਆਂ ਗੰਢਾ ਮੂੰਹ ਨਾਲ ਖੋਲ੍ਹਣੀਆਂ ਵੀ ਮੁਸ਼ਕਲ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੂਬੇ 'ਚੋਂ 'ਆਪ' ਦੀ ਸਰਕਾਰ ਨੂੰ ਲੋਕ ਚਲਦੇ ਕਰਨ ਲਈ ਤਿਆਰ ਬਰ ਤਿਆਰ ਬੈਠੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲਾ ਪੱਧਰੀ ਕੁਵਿਜ ਮੁਕਾਬਲੇ ਚ ਨੂਰਪੁਰ ਲੁਬਾਣਾ ਦੀ ਐਨ ਐਸ ਕਿਊ ਐਫ ਵਿਦਿਆਰਥਣ ਦਲਜੀਤ ਕੌਰ ਨੇ ਹਾਸਲ ਕੀਤਾ ਦੂਜਾ ਸਥਾਨ




ਚੌਕ ਮਹਿਤਾ 21 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਪੰਜਾਬ ਸਰਕਾਰ ਨੇ ਵਿਦਿਆਰਥੀਆਂ ਚ ਹੁਨਰਮੰਦ ਸਿੱਖਿਆ ਦੀ ਰੁਚੀ ਪੈਦਾ ਕਰਨ ਲਈ ਪੰਜਾਬ ਦੇ ਇਤਿਹਾਸ ਚ ਪਹਿਲੀ ਵਾਰ ਕੁਵਿਜ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ ਹੈ ॥ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਤੇ ਮਾਨਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਜੀ ਦੀ ਅਗਵਾਈ ਹੇਠ ਸਮੁੱਚੇ ਪੰਜਾਬ ਭਰ ਚ ਇਹ ਮੁਕਾਬਲੇ ਕਰਵਾਏ ਗਏ । ਕਪੂਰਥਲਾ ਜ਼ਿਲੇ ਚ ਇਹ ਮੁਕਾਬਲਾ ਸਕੂਲ ਆਫ ਐਮੀਨੈਂਸ ਚ ਕਰਵਾਇਆ ਗਿਆ ॥ ਸਮੁੱਚੇ ਕਪੂਰਥਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਚੋਂ ਵਿਦਿਆਰਥੀਆਂ ਨੇ ਮੁਕਾਬਲੇ ਚੋ ਭਾਗ ਲਿਆ ਸੀ॥ ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦੀ ਵਿਦਿਆਰਥਣ ਦਲਜੀਤ ਕੌਰ ਨੇ ਦੂਸਰਾ ਸਥਾਨ ਹਾਸਲ ਕੀਤਾ ॥ ਇਸ ਮੌਕੇ ਨੂਰਪੁਰ ਲੁਬਾਣਾ ਦੇ ਐਨ. ਐਸ.ਕਿਊ.ਐਫ ਵੋਕੇਸ਼ਨਲ ਅਧਿਆਪਕ ਗੁਰਪ੍ਰੀਤ ਸਿੰਘ ਤੇ ਸਿਮਰਨਦੀਪ ਕੌਰ ਨੇ ਕਿਹਾ ਇਹ ਪ੍ਰਾਪਤੀ ਸਾਡੇ ਨੂਰਪੁਰ ਲੁਬਾਣਾ ਸਕੂਲ ਦੇ ਪ੍ਰਿੰਸੀਪਲ ਸਟੇਟ ਅਵਾਰਡੀ ਸ੍ਰੀਮਤੀ ਪੁਨੀਤ ਪੁਰੀ ਜੀ ਦੀ ਬਦੌਲਤ ਹੈ ਜਿਨਾ ਦੀ ਅਣਥੱਕ ਮਿਹਨਤ ਸਦਕਾ ਸਕੂਲ ਵੋਕੇਸ਼ਨਲ ਖੇਤਰ ਚ ਅੱਗੇ ਵੱਧ ਰਿਹਾ ਹੈ ਤੇ ਸਕੂਲ ਚ ਵੋਕੇਸ਼ਨਲ ਸਿੱਖਿਆ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਲੈਬਾਂ ਪ੍ਰਿੰਸੀਪਲ ਸਾਹਿਬਾਨ ਦੇ ਯਤਨਾਂ ਸਦਕਾ ਹੀ ਹੈ ਜਿਸ ਕਾਰਨ ਵਿਦਿਆਰਥੀਆਂ ਚ ਵੋਕੇਸ਼ਨਲ ਵਿਸ਼ੇ ਪ੍ਰਤੀ ਰੁਚੀ ਪੈਦਾ ਹੋਈ ਹੈ ॥ਇਸ ਮੌਕੇ ਉਹਨਾ ਦੱਸਿਆ ਦੀਆਂ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਦਲਜੀਤ ਕੌਰ ਨੇ ਸਕੂਲ ਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਤੇ ਅਰਦਾਸ ਕਰਦੇ ਹਾਂ ਕਿ ਦਲਜੀਤ ਕੌਰ ਇਸੇ ਤਰਾਂ ਜ਼ਿੰਦਗੀ ਚ ਆਪਣੇ ਮਾਤਾ ਪਿਤਾ ਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕਰਦੀ ਰਹੇ॥ ਇਸ ਮੌਕੇ ਸਟੇਟ ਅਵਾਰਡੀ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਨੇ ਦੱਸਿਆ ਕਿ ਸਰਕਾਰ ਦੇ ਇਸ ਉਪਰਾਲੇ ਕਾਰਨ ਨੌਜਵਾਨ ਵਿਦਿਆਰਥੀਆਂ ਚ ਵੋਕੇਸ਼ਨਲ ਵਿਸ਼ੇ ਪ੍ਰਤੀ ਜਾਗਰੂਕਤਾ ਵਧੇਗੀ ਤੇ ਨੌਜਵਾਨ ਹੁਨਰ ਸਿੱਖਿਆ ਪ੍ਰਾਪਤ ਕਰਕੇ ਬੇਰੁਜ਼ਗਾਰੀ ਦਾ ਖ਼ਾਤਮਾ ਕਰ ਸਕਦੇ ਹਨ ਉਹਨਾ ਨੇ ਪੰਜਾਬ ਸਰਕਾਰ ਦੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਕੀਤੀ ॥

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਹੀ

# ਕੈਲਗਰੀ ਵੋਮੈਨ ਕਲਚਰਲ ਐਸੋਸੀਏਸ਼ਨ ਦੀ 2026 ਦੀ ਪਲੇਠੀ ਮੀਟਿੰਗ






ਕੈਲਗਰੀ (ਗੁਰਨਾਮ ਕੌਰ, 20-1-26)ਕੈਲਗਰੀ ਵੋਮੈਨ ਕਲਚਰਲ ਐਸੋਸੀਏਸ਼ਨ ਦੀ ਮੀਟਿੰਗ ਜੈਨੇਸਸ ਸੈਂਟਰ ਵਿਖੇ 18 ਜਨਵਰੀ ਦਿਨ ਐਤਵਾਰ ਨੂੰ ਭਰਵੀਂ ਹਾਜ਼ਰੀ ਵਿੱਚ ਹੋਈ। ਸਭਾ ਦੇ ਸਕੱਤਰ ਗੁਰਨਾਮ ਕੌਰ ਨੇ ਸਭਾ ਦੀ ਕਾਰਵਾਈ ਸ਼ੁਰੂ ਕਰਦਿਆਂ ਸਾਰੀਆਂ ਦਾ ਤਹਿ ਦਿਲੋਂ ਸਵਾਗਤ ਕੀਤਾ। ਇਸ ਤੋਂ ਬਾਅਦ ਸਭਾ ਦੇ ਕੋਆਰਡੀਨੇਟਰ ਗੁਰਚਰਨ ਕੌਰ ਥਿੰਦ ਜੀ ਨੇ 16 ਫਰਵਰੀ ਦਿਨ ਸੋਮਵਾਰ ( ਫੈਮਲੀ ਡੇ ) ਵਾਲੇ ਦਿਨ "ਲੋਕ ਕੀ ਕਹਿਣਗੇ" ਦੇ ਬੈਨਰ ਹੇਠ ਫ਼ਾਲਕੋਨਰਿਜ ਕਮਿਊਨਿਟੀ ਹਾਲ ਵਿਖੇ ਕਰਵਾਏ ਜਾ ਰਹੇ ਪ੍ਰੋਗਰਾਮ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ। ਇਹ ਪ੍ਰੋਗਰਾਮ 11.00 ਵਜੇ ਸ਼ੁਰੂ ਹੋਵੇਗਾ ,ਜਿਸ ਨੂੰ ਤਿੰਨ ਹਿੱਸਿਆਂ ਵਿੱਚ ਵੰਡਿਆ ਹੈ।ਪਹਿਲੇ ਹਿੱਸੇ ਵਿੱਚ ਸਰੋਤਿਆਂ ਦੀ ਲੇਖਕਾਂ ਅਤੇ ਕਿਤਾਬਾਂ ਨਾਲ ਮੁਲਾਕਾਤ ਕਰਵਾਈ ਜਾਵੇਗੀ ਅਤੇ ਸਭਾ ਦੇ ਦਸਾਂ ਸਾਲਾਂ ਦੇ ਇਸ ਸੁਹਾਵਨੇ ਸਫ਼ਰ ਦੀਆਂ ਫੋਟੋਆਂ ਨੂੰ ਸਲਾਈਡਾਂ ਰਾਹੀਂ ਦ੍ਰਿਸ਼ਟਮਾਨ ਕੀਤਾ ਜਾਵੇਗਾ। ਸੀਨੀਅਰਜ਼ ਸਸ਼ਕਤੀਕਰਨ ਬਾਰੇ ਗੱਲ ਬਾਤ ਹੋਵੇਗੀ ਅਤੇ ਯੰਗਸਤਾਨ ਵਲੋਂ ਕੁਇਜ਼ ਪ੍ਰੋਗਰਾਮ ਵਿੱਚ ਬਜ਼ੁਰਗਾਂ ਅਤੇ ਬੱਚਿਆਂ ਵਿਚਲੇ ਫ਼ਾਸਲੇ ਨੂੰ ਕਿਵੇਂ ਘਟਾਇਆ ਜਾਵੇ, ਬਾਰੇ ਸੁਆਲ ਜਵਾਬ ਹੋਣਗੇ। ਇਸ ਸਬੰਧੀ ਇੱਕ ਸਕਿੱਟ ਕਰਵਾ ਕੇ ਸਰੋਤਿਆਂ ਦਾ ਮਨੋਰੰਜਨ ਵੀ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੇ ਸਬੰਧ ਵਿੱਚ ਥਿੰਦ ਭੈਣ ਜੀ ਨੇ ਵਲੰਟੀਅਰ ਸੇਵਾਵਾਂ ਬਾਰੇ ਭੈਣਾਂ ਦੀ ਸਹਿਮਤੀ ਵੀ ਲਈ ਅਤੇ ਉਨ੍ਹਾਂ ਦੇ ਕੰਮਾਂ ਦੀ ਵੰਡ ਵੀ ਕਰ ਦਿੱਤੀ ਗਈ। ਨਵੀਆਂ ਆਈਆਂ ਭੈਣਾਂ ਨਾਲ ਜਾਣ ਪਛਾਣ ਕਰਵਾਈ ਜਿਨ੍ਹਾਂ ਵਿੱਚ ਵੀਰਪਾਲ ਕੌਰ ਮੁਹਾਲੀ, ਸੁਰਿੰਦਰ ਕੌਰ ਕੰਗ ਅਤੇ ਉਸ ਦੀ ਪੰਜ ਸਾਲਾਂ ਦੀ ਪੋਤੀ ਰਹਿਮਤ, ਪ੍ਰਿਅੰਕਾ ਅਤੇ ਅਮਰਜੀਤ ਕੌਰ ਥਰੀਕੇ ਸ਼ਾਮਲ ਸਨ।

ਗੁਰਦੀਸ਼ ਕੌਰ ਗਰੇਵਾਲ ਨੇ ਗੁਰੂ ਗੋਬਿੰਦ ਸਿੰਘ ਜੀ ਬਾਰੇ ਕਵਿਤਾ ਸੁਣਾਈ। ਮੁਖਤਿਆਰ ਕੌਰ ਧਾਲੀਵਾਲ, ਪ੍ਰਿੰਸੀਪਲ ਚਰਨਦੀਪ ਕੌਰ ਅਤੇ ਜੁਗਿੰਦਰ ਪੁਰਬਾ ਨੇ ਲੋਹੜੀ ਦੇ ਗੀਤ ਗਾਏ। ਬਲਦੇਵ ਕੌਰ, ਹਰਜੀਤ ਕੌਰ ਜੌਹਲ, ਸੁਰਿੰਦਰ ਕੌਰ ਗਿੱਲ, ਅਮਰਜੀਤ ਸੱਗੂ ਅਤੇ ਬਲਵੀਰ ਕੌਰ ਗਰੇਵਾਲ ਨੇ ਲੋਕ ਗੀਤ ਗਾ ਕੇ ਰੌਣਕਾਂ ਲਾ ਦਿੱਤੀਆਂ।ਇੰਦੂ ਸ਼ਰਮਾ ਨੇ ਭਾਵੇਂ ਬੂਟ ਪਾਲਸ਼ਾਂ ਕਰੀਏ ਗਾਣੇ ਤੇ ਡਾਂਸ ਕਰਕੇ ਰੰਗ ਬੰਨ੍ਹ ਦਿੱਤਾ।ਕਿਰਨ ਕਲਸੀ ਨੇ ਸ਼ੈਕਸਪੀਅਰ ਦੇ ਲਿਖੇ ਟੋਟਕੇ ਸੁਣਾਏ।ਸਭਾ ਦੇ ਪ੍ਰਧਾਨ ਸ੍ਰੀਮਤੀ ਬਲਵਿੰਦਰ ਕੌਰ ਬਰਾੜ ਜੀ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਿਰਫ਼ 42 ਸਾਲ ਦੀ ਉਮਰ ਵਿਚ ਉਹ ਮਹਾਨ ਕਾਰਨਾਮੇ ਕਰ ਦਿਖਾਏ ਜੋ ਪੂਰੀ ਦੁਨੀਆ ਵਿੱਚ ਅੱਜ ਤੱਕ ਵੀ ਕੋਈ ਨਹੀਂ ਕਰ ਸਕਿਆ। ਅਖੀਰ ਵਿੱਚ ਉਨ੍ਹਾਂ ਨੇ ਸਾਰੀਆਂ ਭੈਣਾਂ ਦਾ ਧੰਨਵਾਦ ਕੀਤਾ।

ਸਭਾ ਵੱਲੋਂ ਦੁਪਹਿਰ ਦਾ ਖਾਣਾ ਅਤੇ ਚਾਹ ਦਾ ਪ੍ਰਬੰਧ ਬਹੁਤ ਵਧੀਆ ਸੀ। ਸ਼ਿਵਾਲਿਕ ਟੀ ਵੀ ਚੈਨਲ ਵੱਲੋਂ ਪਰਮਜੀਤ ਸਿੰਘ ਭੰਗੂ,ਡੀ ਟੀ ਵੀ ਅਤੇ ਬਾਤ ਪੰਜਾਬ ਕੀ ਚੈਨਲ ਵੱਲੋਂ ਸਾਰੀ ਮੀਟਿੰਗ ਦੀ ਕਵਰੇਜ ਕੀਤੀ ਗਈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ ।

ਬਲਵਿੰਦਰ ਕੌਰ ਬਰਾੜ ਪ੍ਰਧਾਨ 403 590 9629 ਗੁਰਚਰਨ ਕੌਰ ਥਿੰਦ ਕੋਆਰਡੀਨੇਟਰ 403 402 9635

### ਬਲਾਕ ਪ੍ਰਧਾਨ ਬਲਜਿੰਦਰ ਜੀਤ ਸਿੰਘ ਢੱਡੇ ਨਾਲ

# ਜਿਲਾ ਪਰਿਸ਼ਦ ਮੈਂਬਰ ਹੁਸਨਪ੍ਰੀਤ ਸਿੰਘ ਸਿਆਲਕਾ ਨੇ ਕੀਤੀ ਮੁਲਾਕਾਤ



ਚੌਕ ਮਹਿਤਾ, 22 ਜਨਵਰੀ, ( ਬਾਬਾ ਸੁਖਵੰਤ ਸਿੰਘ ਚੰਨਣਕੇ) ਮਜੀਠਾ ਹਲਕੇ ਦੇ ਬਹੁਤ ਚਰਚਿਤ ਪਿੰਡ ਢੱਡੇ ਦੇ ਰਹਿਣ ਵਾਲੇ ਉੱਗੇ ਕਵੀਸ਼ਰ ਅਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਬਲਜਿੰਦਰਜੀਤ ਸਿੰਘ ਢੱਡੇ ਇੰਗਲੈਂਡ ਦੌਰੇ ਤੋਂ ਵਾਪਸ ਆਪਣੇ ਵਤਨ ਪਰਤ ਆਏ ਨੇ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਜਿੰਦਰਜੀਤ ਸਿੰਘ ਢੱਡੇ ਨੇ ਦੱਸਿਆ ਕਿ ਉਹ ਆਪਣੇ ਚਾਰ ਮਹੀਨਿਆਂ ਦੇ ਇਸ ਟੂਰ ਤੋਂ ਉਪਰੰਤ 18 ਜਨਵਰੀ ਵਾਲੇ ਦਿਨ ਮਜੀਠਾ ਵਿਖੇ ਹੋਈ ਵਿਸ਼ਾਲ ਰੈਲੀ ਵਿੱਚ ਸ਼ਾਮਿਲ ਹੋਏ ਸਨ, ਉਨਾਂ ਦੱਸਿਆ ਕਿ ਉਹਨਾਂ ਨੂੰ ਮਿਲਣ ਵਾਸਤੇ ਉਹਨਾਂ ਦੇ ਸੱਜਣ ਮਿੱਤਰ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਸਾਹਿਬਾਨ ਉਹਨਾਂ ਨੂੰ ਘਰ ਮਿਲਣ ਉਚੇਚੇ ਤੌਰ ਤੇ ਪਹੁੰਚੇ ਨੇ, ਉੱਥੇ ਹੀ ਉਨਾਂ ਦੇ ਪਰਮ ਮਿੱਤਰ ਅਤੇ ਯੁੱਧ ਨਸ਼ਿਆਂ ਵਿਰੁੱਧ ਅੰਮ੍ਰਿਤਸਰ ਦਿਹਾਤੀ ਦੇ ਜਿਲਾ ਪ੍ਰਧਾਨ ਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਬਹੁਤ ਹੀ ਮਿਹਨਤੀ ਅਤੇ ਸੁਘੜ ਸਿਆਣਪ ਦੇ ਮਾਲਕ ਨੌਜਵਾਨ ਲੀਡਰ ਹੁਸਨ ਪ੍ਰੀਤ ਸਿੰਘ ਸਿਆਲਕਾ ਉਚੇਚੇ ਤੌਰ ਤੇ ਉਨਾਂ ਨੂੰ ਮਿਲਣ ਉਹਨਾਂ ਦੇ ਗ੍ਰਹਿ ਵਿਖੇ ਆਏ, ਉਥੇ ਹੀ ਹੁਸਨ ਪ੍ਰੀਤ ਸਿੰਘ ਸਿਆਲਕਾ ਦਾ ਪਿੰਡ ਢੱਡੇ ਦੇ ਸਰਪੰਚ ਧੰਨਾ ਸਿੰਘ ਅਤੇ ਬਲਾਕ ਪ੍ਰਧਾਨ ਬਲਜਿੰਦਰਜੀਤ ਸਿੰਘ ਨੇ ਗੁਲਦਸਤਾ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੈਂਬਰ ਹਰਜੀਤ ਸਿੰਘ ਫੌਜੀ, ਆਵਾਜ਼ ਇਹ ਪੰਜਾਬ ਮਸ਼ਹੂਰ ਕਵੀਸ਼ਰ ਜਤਿੰਦਰਜੀਤ ਸਿੰਘ ਪੰਛੀ, ਮੈਂਬਰ ਰਵਿੰਦਰ ਸਿੰਘ, ਮੈਂਬਰ ਕਸ਼ਮੀਰ ਸਿੰਘ, ਮੈਂਬਰ ਜਸਬੀਰ ਸਿੰਘ ਆਦਿ ਹਾਜ਼ਰ ਸਨ।

# ਚੁਹਾਣੇ ਕਲਾਂ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਸੁਰੂਆਤ ਅੱਜ-ਬਾਬਾ ਕੁਲਵਿੰਦਰ ਸਿੰਘ



ਸੰਗਾਲਾ ( ਰਣਜੀਤ ਸਿੰਘ ਪੇਧਨੀ ) ਸ਼ਹੀਦ ਸਿੰਘਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆਂ ਅਸਥਾਨ ਧੰਨ ਧੰਨ ਬਾਬੇ ਸਿੰਘ ਸਹੀਦ ਪਿੰਡ ਅਬਦੁੱਲਾਪੁਰ ਚੁਹਾਣੇ ਕਲਾਂ (ਮਾਲੇਰਕੋਟਲਾ) ਵਿਖੇ 22 ਜਨਵਰੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਸੁਰੂ ਹੋ ਕੇ 28 ਜਨਵਰੀ ਨੂੰ ਭੋਗ ਪੈਣਗੇ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਨੇ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਅਤੇ ਨਗਰ ਨਿਵਾਸੀ ਇਲਾਕੇ ਦੇ ਸਹਿਯੋਗ ਦੇ ਨਾਲ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ।

ਰੋਜ਼ਾਨਾਂ ਸਾਮ ਨੂੰ ਨਾਮ ਦੇ ਰਸੀਏ, ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਨਾਲ ਜੋੜਨਾ ਕਰਨਗੇ ।ਉਨ੍ਹਾਂ ਕਿਹਾ ਕਿ 28 ਜਨਵਰੀ ਮਾਘ ਦੀ ਦਸਮੀ ਵਾਲੇ ਦਿਨ ਤੀਜੀ ਸਿਫਟ ਦੇ ਸ੍ਰੀ ਅਖੰਡ ਪਾਠ ਸਹਿਬ ਜੀ ਦੇ ਭੋਗ ਸਵੇਰੇ 8.00 ਵਜੇ ਪੈਣਗੇ ।ਭੋਗ ਉਪਰੰਤ ਪੰਜਾਬ ਦੇ ਪ੍ਰਸਿੱਧ ਰਾਗੀ,ਢਾਡੀ, ਸੰਤ ਮਹਾਪੁਰਸ ਆਪਣੇ ਕੀਰਤਨ ਰਾਹੀ ਹਾਜਰੀ ਭਰਨਗੇ ।ਉਨ੍ਹਾਂ ਕਿਹਾ ਕਿ ਅੰਮ੍ਰਿਤ ਸੰਚਾਰ ਹੋਵੇਗਾ, ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਫ੍ਰੀ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹੈਡ ਗ੍ਰੰਥੀ ਗਿਆਨੀ ਰਘਵੀਰ ਸਿੰਘ ਜੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ।

## ਵਿਕਾਸ ਕਾਰਜਾਂ ਦੇ ਮੱਦੇ ਨਜ਼ਰ ਪੰਜਾਬ 'ਚ 'ਆਮ ਆਦਮੀ ਪਾਰਟੀ'ਮੁੜ ਸਰਕਾਰ ਬਣਾਏਗੀ : ਚੱਠਾ



ਧੂਰੀ ( ਰਣਜੀਤ ਸਿੰਘ ਪੇਧਨੀ )ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ ਸਰਬ-ਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਦੇ ਲਈ ਅਨੇਕਾਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ, ਜਿਸ ਕਰਕੇ ਦਿਨੋ-ਦਿਨ ਪੰਜਾਬ ਦੀ ਨੁਹਾਰ ਬਦਲ ਰਹੀ ਹੈ, ਉਥੇ ਆਮ ਲੋਕਾਂ ਵੱਲੋਂ ਖ਼ੁਸ਼ੀ ਤੇ ਸਤੁਸ਼ਟੀ ਵੀ ਜਾਹਿਰ ਕੀਤੀ ਜਾ ਰਹੀ ਹੈ। 'ਚ ਵਿਕਾਸ ਦੇ ਲਈ ਵੱਡੇ ਪੱਧਰ 'ਤੇ ਗਰਾਂਟਾਂ ਵੰਡੀਆਂ ਜਾ ਰਹੀਆਂ ਹਨ ਅਤੇ ਆਮ ਲੋਕਾਂ ਦੇ ਮਸਲਿਆਂ ਤੇ ਤਕਲੀਫਾਂ ਸੁਣ ਕੇ ਉਨ੍ਹਾਂ ਦੇ ਹੱਲ ਦੇ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਹਿਦਾਇਤਾਂ ਵੀ ਦਿੱਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਭਾਰਤ ਨੇ ਕੀਤਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਸਰਕਾਰਾਂ ਨੇ ਪੰਜਾਬ ਦੇ ਸਰਬ-ਪੱਖੀ ਵਿਕਾਸ ਕਰਨ ਦੀ ਥਾਂ ਕੇਵਲ ਤੇ ਕੇਵਲ ਆਪਣੀਆਂ ਤਿਜੌਰੀਆਂ ਭਰਨ ਤੋਂ ਇਲਾਵਾ ਭਾਈ/ਭਤੀਜਾ ਵਾਦ ਨੂੰ ਹੀ ਬੜਾਵਾ ਦਿੱਤਾ ਹੈ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦਾ ਬਿਨ੍ਹਾਂ ਕਿਸੇ ਵਿਤਕਰੇ ਅਤੇ ਪੱਖਪਾਤ ਤੋਂ ਸਰਬ-ਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਉਥੇ ਲੋਕ ਭਲਾਈ ਦੀਆਂ ਅਨੇਕਾਂ ਸਹੂਲਤਾਂ/ਸਕੀਮਾਂ ਵੀ ਲਾਗੂ ਕੀਤੀਆਂ ਗਈਆਂ ਹਨ, ਜਿਸ ਕਰਕੇ ਪੰਜਾਬ 'ਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

## ਯੂਥ ਵਿੰਗ ਸ੍ਰੋਮਣੀ ਅਕਾਲੀ ਦਲ ਦੀ 2027 ਚ ਸਰਕਾਰ ਲਿਆਉਣ ਲਈ ਨਿਭਾਏਗਾ ਅਹਿਮ ਭੂਮਿਕਾ : ਰੰਧਾਵਾ




ਧੂਰੀ ( ਰਣਜੀਤ ਸਿੰਘ ਪੇਧਨੀ )-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਨੌਜਵਾਨਾਂ ਦਾ ਵੱਡਾ ਹਜੂਮ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ ਜੋ ਸਰਕਾਰ ਬਣਾਉਣ ਲਈ ਅਹਿਮ ਭੂਮਿਕਾ ਨਿਭਾਏਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਯੂਥ ਸਭ ਤੋਂ ਅਹਿਮ ਭੂਮਿਕਾ ਨਿਭਾਉਣ ਜਾ ਰਿਹਾ ਹੈ। ਉਨਾਂ ਕਿਹਾ ਕਿ ਨੌਜਵਾਨ ਵਰਗ ਹੁਣ ਪੂਰੀ ਤਰ੍ਹਾਂ ਸਿਆਸੀ ਤਰ 'ਤੇ ਜਾਗਰੂਕ ਹੋ ਚੁੱਕਾ ਹੈ ਤੇ ਉਹ ਸੂਬੇ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਸਹੀ ਫੈਸਲਾ ਲੈ ਰਹੇ ਹਨ । ਉਨ੍ਹਾ ਕਿਹਾ ਕਿ ਅਸੀਂ ਹਮੇਸ਼ਾ ਨੌਜਵਾਨਾਂ ਨੂੰ ਸਿਆਸਤ ਨਾਲ ਜੋੜਨ ਤੇ ਉਨ੍ਹਾਂ ਨੂੰ ਅੱਗੇ ਲਿਆਉਣ ਲਈ ਇਮਾਨਦਾਰ ਕੋਸ਼ਿਸ਼ਾਂ ਕੀਤੀਆਂ ਹਨ, ਜਿਸ ਕਰ ਕੇ ਯੂਥ ਵਿੱਚ ਉਨ੍ਹਾਂ ਪ੍ਰਤੀ ਵਿਸ਼ਵਾਸ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਯੂਥ ਹੁਣ ਝੂਠੇ ਵਾਅਦਿਆਂ ਨਹੀਂ, ਸਗੋਂ ਕਾਰਗੁਜ਼ਾਰੀ ਨੂੰ ਦੇਖ ਕੇ ਫੈਸਲਾ ਕਰੇਗਾ ਅਤੇ ਭਰੋਸਾ ਜਤਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਯੂਥ ਦੀ ਮਜ਼ਬੂਤ ਟੀਮ ਬਣਾ ਕੇ ਘਰ-ਘਰ ਅਕਾਲੀ ਦਲ ਦੀ ਨੀਤੀ ਪਹੁੰਚਾਈ ਜਾਵੇਗੀ।

## ਮੁੱਖ ਮੰਤਰੀ ਪੰਜਾਬ ਨੂੰ ਹੁਸ਼ਿਆਰਪੁਰ ਫੇਰੀ ਦੌਰਾਨ ਕਾਲੀਆਂ ਝੰਡੀਆਂ ਦਿਖਾਈਆਂ ਜਾਣਗੀਆਂ -ਜਸਵੀਰ ਤਲਵਾੜਾ

**ਹੁਸ਼ਿਆਰਪੁਰ 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਅਤੇ ਸੀ. ਪੀ.ਐੱਫ ਯੂਨੀਅਨ ਵੱਲੋਂ ਗਣਤੰਤਰ ਦਿਹਾੜੇ ਦੇ ਮੌਕੇ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਹੁਸ਼ਿਆਰਪੁਰ ਫੇਰੀ ਦੌਰਾਨ ਕਾਲੀਆਂ ਝੰਡੀਆਂ ਦਿਖਾ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਹ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਲਾਕ ਸਕੱਤਰ ਨਿਰਮਲ ਬੱਧਣ, ਜੀ ਟੀ ਯੂ ਪ੍ਰਧਾਨ ਨਰੇਸ਼ ਕੁਮਾਰ ਮਿੱਡਾ ਅਤੇ ਸੀਨੀਅਰ ਆਗੂ ਸ਼ਸ਼ੀਕਾਂਤ ਨੇ ਕਿਹਾ ਕਿ ਪੰਜਾਬ ਵਿੱਚ ਬਣੀ ਆਪ ਸਰਕਾਰ ਨੂੰ ਸੱਤਾ ਵਿੱਚ ਆਏ ਲਗਭਗ 4 ਸਾਲ ਹੋ ਗਏ ਹਨ ਅਤੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਨੇ 2004 ਤੋਂ ਬਾਅਦ ਸਰਕਾਰੀ ਸੇਵਾ ਵਿੱਚ ਆਏ ਲਗਭਗ 2 ਲੱਖ ਕਰਮਚਾਰੀਆਂ ਨਾਲ਼ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਸੀ ਜੋ ਅੱਜ ਤੱਕ ਵਫ਼ਾ ਨਹੀਂ ਹੋਇਆ। ਇਸ ਮੌਕੇ ਸੂਬਾ ਕਨਵੀਨਰ ਜਸਵੀਰ ਸਿੰਘ ਤਲਵਾੜਾ, ਵਿੱਤ ਸਕੱਤਰ ਵਰਿੰਦਰ ਵਿੱਕੀ ਤੇ ਆਈ.ਟੀ. ਸੈੱਲ ਦੇ ਮੁਖੀ ਸੱਤ ਪ੍ਰਕਾਸ਼ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਇਸ ਨੂੰ ਅਮਲੀ ਜਾਮਾ ਪਹਿਨਾਉਣ ਲਈ ਨਵੰਬਰ 2022 ਵਿੱਚ ਇੱਕ ਨੋਟੀਫਕੇਸ਼ਨ ਵੀ ਜਾਰੀ ਕੀਤਾ ਗਿਆ ਪ੍ਰੰਤੂ ਇਹ ਮਹਿਜ ਇੱਕ ਕਾਗਜ਼ ਦਾ ਟੁਕੜਾ ਬਣ ਕੇ ਰਹਿ ਗਿਆ। ਲਗਭਗ 3 ਸਾਲ ਹੋ ਗਏ ਹਨ ਪਰ ਕਰਮਚਾਰੀਆਂ ਦੇ ਐਨ.ਪੀ.ਐਸ ਖਾਤੇ ਅੱਜ ਤੱਕ ਬੰਦ ਨਹੀਂ ਕੀਤੇ ਗਏ ਅਤੇ ਨਾਂ ਹੀ ਸਰਕਾਰੀ ਕਰਮਚਾਰੀਆਂ ਦੇ ਜੀ.ਪੀ. ਖ਼ਾਤੇ ਖੋਲ੍ਹੇ ਗਏ ਜਿਸ ਕਾਰਨ ਪੰਜਾਬ ਦੇ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਮੁਲਾਜ਼ਮਾਂ ਦਾ ਇਹ ਰੋਸ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲਈ ਵਾਟਰਲੂ ਸਿੱਧ ਹੋਵੇਗਾ। ਉਹਨਾਂ ਦੱਸਿਆ ਕਿ 26 ਜਨਵਰੀ ਨੂੰ ਮੁੱਖ ਮੰਤਰੀ ਵਿਰੁੱਧ ਰੋਸ ਪ੍ਰਦਰਸ਼ਨ ਲਈ ਬਲਾਕਾਂ ਦੀਆਂ ਮੀਟਿੰਗਾਂ ਅਤੇ ਲਾਮਬੰਦੀ ਕੀਤੀ ਜਾ ਰਹੀ ਹੈ।ਇਸ ਮੌਕੇ ਮੁਲਾਜ਼ਮ ਆਗੂ ਮਨਜੀਤ ਸਿੰਘ ਸੈਣੀ, ਹਰਵਿੰਦਰ ਸਿੰਘ ਤੇ ਹੋਰ ਮੁਲਾਜ਼ਮ ਹਾਜ਼ਰ ਸਨ।

ਯੂਕੇ ਸਰਕਾਰ ਵਲੋਂ ਸਿੱਖ ਨੌਜਵਾਨਾਂ ਤੇ ਲਾਈਆਂ ਪਾਬੰਦੀਆਂ ਦੇ ਵਿਰੋਧ 'ਚ

# ਸਿੰਘ ਸਭਾ ਡਰਬੀ ਵਿਖੇ ਪੰਥਕ ਕਾਨਫਰੰਸ 24 ਜਨਵਰੀ ਨੂੰ ਹੋਵੇਗੀ



ਨਵੀਂ ਦਿੱਲੀ 21 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ, ਡਰਬੀ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਹਾਲ ਵਿੱਚ 24 ਜਨਵਰੀ 2026 ਦਿਨ ਸ਼ਨੀਵਾਰ ਨੂੰ ਦੁਪਹਿਰ 3 ਵਜੇ ਤੋਂ ਸ਼ਾਮ 6 ਵਜੇ ਤੱਕ, ਪੰਥਕ ਕਾਨਫਰੰਸ ਆਯੋਜਿਤ ਕੀਤੀ ਜਾ ਰਹੀ ਹੈ ਜਿਸ ਵਿੱਚ ਸਮੂਹ ਸਾਧ ਸੰਗਤ ਅਤੇ ਪੰਥਕ ਜਥੇਬੰਦੀਆਂ ਤੇ ਹਰ ਪੰਥ ਦਰਦੀ ਨੂੰ ਸ਼ਾਮਿਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਸ: ਰਾਜਿੰਦਰ ਸਿੰਘ ਪੁਰੇਵਾਲ ਜਨਰਲ ਸੈਕਟਰੀ ਸਿੰਘ ਸਭਾ ਗੁਰਦੁਆਰਾ ਡਰਬੀ ਨੇ ਕਿਹਾ ਕਿ ਯੂਕੇ ਦੀ ਲੇਬਰ ਪਾਰਟੀ ਦੀ ਸਰਕਾਰ ਵੱਲੋਂ ਸਿੱਖ ਨੌਜਵਾਨ ਗੁਰਪ੍ਰੀਤ ਸਿੰਘ ਅਤੇ ਕੁੱਝ ਹੋਰ ਸਿੱਖ ਨੌਜਵਾਨਾਂ ਖਿਲਾਫ਼ ਲਗਾਈਆਂ ਗਈਆਂ ਆਰਥਿਕ ਪਾਬੰਦੀਆਂ ਦਾ ਮਾਮਲਾ ਵਿਚਾਰਿਆ ਜਾਵੇਗਾ ।ਉਹਨਾਂ ਕਿਹਾ ਕਿ ਇਹ ਸਿਰਫ਼ ਇੱਕ ਨੌਜਵਾਨ ਦੀ ਗੱਲ ਨਹੀਂ ਹੈ, ਅਜਿਹੀਆਂ ਪਾਬੰਦੀਆਂ ਅਗਾਂਹ ਹੋਰਾਂ 'ਤੇ ਵੀ ਲਾਈਆਂ ਜਾ ਸਕਦੀਆਂ ਹਨ ।ਇਹ ਪਾਬੰਦੀਆਂ ਲਗਾ ਕੇ ਸਰਕਾਰ ਨੇ ਬਿਨਾਂ ਕਿਸੇ ਦੋਸ਼ ਜਾਂ ਮੁਕੱਦਮੇ ਦੇ, ਗੁਰਪ੍ਰੀਤ ਸਿੰਘ ਦੇ ਪੂਰੇ ਪਰਿਵਾਰ ਦੇ ਬੈਂਕ ਖਾਤੇ ਸੀਜ਼ ਕਰ ਦਿੱਤੇ ਹਨ ਅਤੇ ਰੋਜ਼ੀ-ਰੋਟੀ ਦੇ ਸਾਧਨ ਖੋਹ ਕੇ ਪਰਿਵਾਰ ਨੂੰ ਸਜ਼ਾ ਦਿੱਤੀ ਹੈ ।ਸਿੱਖ ਆਗੂਆਂ ਦਾ ਮੰਨਣਾ ਹੈ ਕਿ ਅਜਿਹਾ ਬਰਤਾਨੀਆ ਸਰਕਾਰ ਵੱਲੋਂ ਭਾਰਤ ਦੇ ਦਬਾਅ ਹੇਠ ਕੀਤਾ ਗਿਆ ਹੈ।ਉਨ੍ਹਾਂ ਕਿਹਾ ਗੁਰਪ੍ਰੀਤ ਸਿੰਘ ਨੇ ਕੀ ਗਲਤ ਕੀਤਾ ਹੈ, ਉਸ ਦੇ ਉਤੇ ਕਿਹੜੇ ਦੋਸ਼ ਹਨ, ਜਾਂ ਕੀ ਚਾਰਜ ਲਾਏ ਗਏ ਹਨ, ਅਜਿਹੀ ਕਿਸੇ ਵੀ ਚੀਜ਼ ਦਾ ਖੁਲਾਸਾ ਨਹੀਂ ਕੀਤਾ ਗਿਆ ।ਇਸ ਲਈ ਉਹਨਾਂ ਦੇ ਪਾਬੰਦੀਆਂ ਲਾਉਣੀਆਂ ਬੇ-ਬੁਨਿਆਦ ਹਨ ।ਸ: ਪੁਰੇਵਾਲ ਨੇ ਕਿਹਾ ਯੂਕੇ ਵਿੱਚ ਇੰਝ ਪਹਿਲੀ ਵਾਰ ਵਾਪਰਿਆ ਹੈ ਕਿ ਜਦੋਂ ਕਿਸੇ ਨੌਜਵਾਨ ਉਤੇ ਅਜਿਹੀਆਂ ਪਾਬੰਦੀਆਂ ਲਾ ਕੇ ਇੱਕ ਤਰ੍ਹਾਂ ਨਾਲ ਉਸ ਨੂੰ ਘਰ ਵਿੱਚ ਹੀ ਨਜ਼ਰਬੰਦ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ।ਉਸ ਦੇ ਪਰਿਵਾਰ ਵਿੱਚ ਛੋਟੇ ਛੋਟੇ ਬੱਚੇ ਹਨ, ਉਹਨਾਂ ਸਾਰਿਆਂ ਦੀ ਜ਼ਿੰਦਗੀ ਉਤੇ ਇੰਨ੍ਹਾ ਪਾਬੰਦੀਆਂ ਦੇ ਕਾਰਨ ਬੁਰਾ ਅਸਰ ਪੈ ਰਿਹਾ, ਉਹਨਾਂ ਲਈ ਬਿੱਲ ਦੇਣੇ, ਬੱਚਿਆਂ ਨੂੰ ਸਕੂਲ ਘੱਲਣਾ ਆਦਿ ਸਭ ਮੁਸ਼ਿਕਲ ਬਣਾ ਦਿੱਤਾ ਗਿਆ ਹੈ ।ਸ: ਪੁਰੇਵਾਲ ਨੇ ਕਿਹਾ ਕਿ ਇਹਨਾਂ ਅਣਮਨੁੱਖੀ ਪਾਬੰਦੀਆਂ ਦਾ ਵਿਰੋਧ ਕਰਨ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਇਸ ਦਾ ਕੋਈ ਸੁਖਾਵਾਂ ਹੱਲ ਲੱਭਣ ਲਈ ਯਤਨ ਕਰਨੇ ਪੈਣੇ ਹਨ ।ਨਹੀਂ ਤਾਂ ਹੋਰ ਵੀ ਨੌਜਵਾਨ ਅਜਿਹੀਆਂ ਪਾਬੰਦੀਆਂ ਹੇਠ ਆ ਸਕਦੇ ਹਨ ।ਉਹਨਾਂ ਕਿਹਾ ਸਰਕਾਰ ਅਤੇ ਪ੍ਰਸ਼ਾਸਨ ਸਿੱਖ ਆਗੂਆਂ ਨੂੰ ਦੱਸੇ ਕਿ ਗੁਰਪ੍ਰੀਤ ਸਿੰਘ ਨੇ ਕੀ ਗਲਤ ਕੀਤਾ ਹੈ, ਯੂ ਕੇ ਦਾ ਕਿਹੜਾ ਕਾਨੂੰਨ ਤੋੜਿਆ ਹੈ। ਜੇਕਰ ਉਸਨੇ ਕੁੱਝ ਗਲਤ ਕੀਤਾ ਸੀ ਤਾਂ ਉਸ ਬਾਰੇ ਸਿੱਖ ਆਗੂਆਂ ਤੇ ਮੀਡੀਆ ਨੂੰ ਦੱਸਿਆ ਜਾਵੇ ਤਾਂ ਜੋ ਉਹ ਇਹ ਜਾਣ ਸਕਣ ਕਿ ਓਸ ਵਲੋਂ ਕਾਨੂੰਨ ਦੀ ਨਜ਼ਰ ਵਿੱਚ ਕੀ ਗਲਤ ਕੀਤਾ ਗਿਆ ਹੈ ।ਉਹ ਸਿਰਫ਼ ਪੰਜਾਬ ਵਿੱਚ ਸ਼ਾਂਤੀ ਅਤੇ ਪੰਜਾਬ ਦੇ ਸਾਰੇ ਲੋਕਾਂ ਦੀ ਉਨਤੀ ਤਰੱਕੀ ਅਤੇ ਪੰਜਾਬ ਦੇ ਕੁਦਰਤੀ ਸਾਧਨਾਂ ਹਵਾ ਪਾਣੀ ਆਦਿ ਦੀ ਸੁਰੱਖਿਆ ਅਤੇ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਵਾਉਣ ਲਈ ਲੋਕਾਂ ਨੂੰ ਜਾਗਰਿਤ ਕਰਦਾ ਸੀ, ਜਿਸ ਵਾਸਤੇ ਪੰਜਾਬ ਦੇ ਵਿਦਵਾਨਾਂ ਅਤੇ ਲਿਖਾਰੀਆਂ ਪਾਸੋਂ ਪੰਜਾਬ ਦੇ ਉਕਤ ਮੁੱਦਿਆਂ ਬਾਰੇ ਪਰਚੇ ਲਿਖਵਾਏ ਸਨ ਤਾਂ ਜੋ ਲੋਕ ਜਾਗਰਿਤ ਹੋ ਸਕਣ ।ਪਹਿਲੀ ਵਾਰ ਉਸ ਨੂੰ ਫੁੱਟਬਾਲ ਕਲੱਬ ਦਾ ਸਪੋਕਸਮੈਨ ਵੀ ਬਣਾਇਆ ਗਿਆ ਸੀ ।ਇੱਕ ਵੱਡਾ ਪੰਜਾਬੀ ਮੀਡੀਆ ਵੀ ਸਿੱਖ ਕਾਰੋਬਾਰੀਆਂ ਦਾ ਸਹਿਯੋਗ ਨਾਲ ਉਹ ਲੈ ਰਿਹਾ ਸੀ ।ਇਸ ਕਰਕੇ ਦੇਸ਼ ਵਿਦੇਸ਼ ਵਿੱਚ ਉਸ ਦਾ ਸਤਿਕਾਰ ਵਧ ਰਿਹਾ ਸੀ ।ਸ: ਪੁਰੇਵਾਲ ਨੇ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਹੁਣ ਤੱਕ ਸਿੱਖੀ ਕਦਰਾਂ ਕੀਮਤਾਂ ਪ੍ਰਤੀ ਪਹਿਰਾ ਦਿੱਤਾ ਹੈ, ਉਹ ਜਿੱਥੇ ਵੀ ਰਹੇ ਹਰ ਦੇਸ਼ ਦੀ ਰੱਖਿਆ ਅਤੇ ਤਰੱਕੀ ਵਿੱਚ ਯੋਗਦਾਨ ਪਾਇਆ ਹੈ ।ਉਹਨਾਂ ਕਿਹਾ ਸਾਡੇ ਨੌਜਵਾਨ ਵੀ ਪੁਰਾਣੇ ਬਜ਼ੁਰਗਾਂ ਵਾਂਗ ਪੰਜਾਬ ਦੀ ਤਰੱਕੀ ਚਾਹੁੰਦੇ ਹਨ ।ਦੂਜੇ ਪਾਸੇ ਪੰਜਾਬ ਵਿੱਚ ਹੁਣ ਤੱਕ ਹਜ਼ਾਰਾਂ ਨੌਜਵਾਨਾਂ ਨੂੰ ਮਾਰਿਆ ਗਿਆ, ਤਸ਼ੱਦਦ ਕੀਤਾ ਗਿਆ ਅਤੇ ਅਣਪਛਾਤੇ ਆਖ ਕੇ ਸੰਸਕਾਰ ਕਰ ਦਿੱਤੇ ਗਏ । ਸ: ਪੁਰੇਵਾਲ ਨੇ ਕਿਹਾ ਕਿ ਸਾਡੇ ਪੰਜਾਬੀ ਸਿੱਖ ਕਾਫ਼ੀ ਗਿਣਤੀ ਵਿੱਚ ਬਰਤਾਨਵੀ ਸੰਸਦ ਦੇ ਮੈਂਬਰ ਅਤੇ ਕੌਂਸਲਰ ਹਨ ।ਉਹਨਾਂ ਨੂੰ ਵੀ ਇਸ ਮਾਮਲੇ ਬਾਰੇ ਸੰਸਦ ਵਿੱਚ ਆਵਾਜ਼ ਉਠਾਉਣੀ ਚਾਹੀਦੀ ਹੈ ।ਅਗਰ ਸੰਸਦ ਮੈਂਬਰ ਤੇ ਕੌਂਸਲਰ ਸਿੱਖ ਨੌਜਵਾਨਾਂ ਨਾਲ ਹੋ ਰਹੀ ਇਸ ਜ਼ਿਆਦਤੀ ਬਾਰੇ ਮਾਮਲਾ ਨਾ ਉਠਾਇਆ ਤਾਂ ਸਿੱਖ ਲੇਬਰ ਸਾਸਦਾਂ ਦਾ ਸਤਿਕਾਰ ਘਟ ਸਕਦਾ ਹੈ ।ਸ: ਪੁਰੇਵਾਲ ਨੇ ਹੋਰ ਕਿਹਾ ਕਿ ਜਿਹੜੇ ਪੰਥਕ ਆਗੂ, ਵਿਦਵਾਨ, ਕੌਂਸਲਰ, ਲਿਖਾਰੀ ਆਦਿ ਇਸ ਕਾਨਫਰੰਸ ਵਿੱਚ ਨਹੀਂ ਆ ਸਕਦੇ ਉਹ ਆਪਣਾ ਸੁਨੇਹਾ ਲਿਖ ਕੇ ਜਾਂ ਬੋਲ ਕੇ ਹੇਠਾਂ ਦਿੱਤੇ ਨੰਬਰ ਉਤੇ ਭੇਜ ਸਕਦੇ ਹਨ, ਜੋ ਕਾਨਫਰੰਸ ਦੌਰਾਨ ਸੰਗਤਾਂ ਨਾਲ ਸਾਂਝਾ ਕੀਤਾ ਜਾਵੇਗਾ ।

### ਸਿੱਖ ਨੌਜਵਾਨਾਂ ਖਿਲਾਫ਼ ਸਰਕਾਰੀ ਜ਼ਿਆਦਤੀ ਦਾ ਮਾਮਲਾ ਪੰਜਾਬੀ ਸਿੱਖ ਸਾਂਸਦਾਂ ਨੂੰ ਪਾਰਲੀਮੈਂਟ 'ਚ ਉਠਾਉਣ ਦੀ ਅਪੀਲ

# ਹਰ ਮਹੀਨੇ 125 ਲੋੜਵੰਦਾਂ ਪਰਿਵਾਰਾਂ ਨੂੰ ਵੰਡਿਆ ਜਾਂਦਾ ਹੈ ਰਾਸ਼ਨ- ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਗਿਆਨੀ ਤੇਜਬੀਰ ਸਿੰਘ ਕਨੇਡਾ ਭਲਾਈਪੁਰ

ਚੌਂਕ ਮਹਿਤਾ, 21 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਨੈਸ਼ਨਲ ਹਾਈਵੇ ਤੋਂ ਚਾਰ ਕਿਲੋਮੀਟਰ ਦੀ ਦੂਰੀ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ, ਜੱਬਵਾਲ ਵੱਲੋ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਯੂ ਆਰ ਸੇਵਾ ਚੈਰਾਇਟੀ ਵੱਲੋਂ ਬੜੇ ਹੀ ਨੇਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ। ਹੁਣ ਹੜ ਪੀੜਤਾਂ ਵਾਸਤੇ ਵੀ ਲਗਾਤਾਰ ਨਿਰੰਤਰ ਸੇਵਾ ਇਹਨਾਂ ਦੀ ਜਾਰੀ ਹੈ ਅਤੇ ਇਹਨਾਂ ਦੇ ਸੇਵਾਦਾਰ ਬਹੁਤ ਹੀ ਤਨ ਮਨ ਧਨ ਨਾਲ ਆਪਣੀ ਸੇਵਾ ਕਰ ਰਹੇ ਹਨ ਇੱਥੇ ਸੰਤ ਬਾਬਾ ਮਲਕੀਤ ਸਿੰਘ ਅਤੇ ਗਿਆਨੀ ਤੇਜਬੀਰ ਸਿੰਘ ਕਨੇਡਾ ਭਲਾਈਪੁਰ ਜੀ ਨੇ ਦੱਸਿਆ ਕਿ 2014 ਤੋਂ ਲੈ ਕੇ 2026 ਤੱਕ ਹੁਣ ਲਗਭਗ 125 ਪਰਿਵਾਰਾਂ ਨੂੰ ਅਤੇ ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਅਤੇ ਗਰੀਬ ਪਰਿਵਾਰਾਂ ਦੀ ਬਾਂਹ ਫੜੀ ਜਾ ਰਹੀ। ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਅਕੈਡਮੀ ਵੱਲੋਂ ਗਰੀਬ ਪਰਿਵਾਰਾਂ,ਲੋੜਵਇ ਦ ਪਰਿਵਾਰਾਂ ਅਤੇ ਜਿਨਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਤੇ ਅਕੈਡਮੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਅਤੇ ਤੇਜਬੀਰ ਸਿੰਘ ਕਨੇਡਾ ਭਲਾਈਪੁਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਪਹਿਲ ਕਦਮੀ ਅਤੇ ਸੇਵਾ ਦੀ ਆਰੰਭਤਾ 2013 ਤੋਂ ਸ਼ੁਰੂ ਕੀਤੀ ਅਤੇ 2014 ਨੂੰ ਰਾਸ਼ਨ ਅਸੀਂ ਪਹਿਲਾਂ ਪੰਜ ਪਰਿਵਾਰਾਂ ਵਿੱਚ ਵੰਡਿਆ ਇਹ ਉਹ ਪਰਿਵਾਰ ਸਨ ਜਿਨਾਂ ਦੇ ਕਮਰੇ ਵੀ ਕੱਚੇ ਸਨ ਅਤੇ ਕਮਾਈ ਦਾ ਜਿੰਨਾ ਦਾ ਕੋਈ ਸਾਧਨ ਵੀ ਨਹੀਂ ਸੀ ਜਾਂ ਜਿੰਨਾ ਪਰਿਵਾਰਾਂ ਵਿੱਚ ਕਮਾਉਣ ਵਾਲਾ ਵੀ ਆਦਮੀ ਨਹੀਂ ਸੀ ਉਹਨਾਂ ਪਰਿਵਾਰਾਂ ਤੋਂ ਆਰੰਭਤਾ ਕੀਤੀ। ਅਤੇ ਸਰਕਾਰ ਵੱਲੋਂ ਉਨਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ । । ਇਸ ਮੌਕੇ ਤੇ ਬਾਬਾ ਜੀ ਹੁਣਾਂ ਦੱਸਿਆ ਕਿ ਅਸੀਂ ਰਾਸ਼ਨ ਦੇ ਨਾਲ ਨਾਲ ਫਿਰ ਇਹ ਵੀ ਸੋਚਿਆ ਕਿ ਇਹਨਾਂ ਦੇ ਬੱਚਿਆਂ ਨੂੰ ਅਕੈਡਮੀ ਵਿੱਚ ਹੀ ਰੱਖਿਆ ਜਾਵੇ ਅਤੇ ਉਹਨਾਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਗੁਰਮਤਿ ਨਾਲ ਵੀ ਜੋੜਿਆ ਜਾਵੇ ।ਤਾਂ ਜੋ ਬੱਚੇ ਪੜ ਲਿਖ ਸਕਣ ਅਤੇ ਗੁਰਬਾਣੀ ਨਾਲ ਜੁੜਨ ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਣ। ਇਸ ਸਮੇਂ ਖਾਲਸਾ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵੀ ਫਰੀ ਹੈ ਅਤੇ ਉਹਨਾਂ ਨੂੰ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ ਤੱਕ ਗੁਰਬਾਣੀ ਨਾਲ ਵੀ ਜੋੜਿਆ ਜਾਂਦਾ ਹੈ।ਅਤੇ ਇੱਥੇ ਬੱਚਿਆਂ ਨੂੰ ਬਾਕਸਿੰਗ ਦੀ ਸਿਖਾਈ ਜਾਂਦੀ ਹੈ ਅਤੇ ਹੋਰ ਖੇਡਾਂ ਬਾਰੇ ਵੀ ਜਾਗਰਿਤ ਕੀਤਾ ਜਾਂਦਾ ਹੈ ।ਅਕੈਡਮੀ ਦੇ ਪ੍ਰਿੰਸੀਪਲ ਸਾਹਿਬ ਵੀ ਬਹੁਤ ਹੀ ਕਾਬਲੀਅਤ ਇਨਸਾਨ ਹਨ।। ਇੱਥੇ ਬੱਚਿਆਂ ਨੂੰ ' ਨੂੰ ਸ਼ਾਮ ਦੇ ਟਾਈਮ ਤੇ ਕਥਾ ਕੀਰਤਨ, ਅਤੇ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ। ਅਤੇ ਬੱਚਿਆਂ ਨੂੰ ਤਬਲਾ ਹਾਰਮੋਨੀਅਮ ਵੀ ਸਿਖਾਇਆ ਜਾਂਦਾ ਹੈ।। ਇੱਥੇ ਇਹ ਦੱਸਣ ਯੋਗ ਹੈ ਕਿ ਇਹ ਅਕੈਡਮੀ ਦੇ ਸਿੰਘ ਸਮੇਂ ਸਮੇਂ ਤੇ ਪੰਜਾਬ ਤੇ ਆਈਆਂ ਮੁਸੀਬਤਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ ਜਿਵੇਂ ਕਿਸਾਨ ਮੋਰਚੇ ਵਿੱਚ ਵੀ ਇਹਨਾਂ ਦਾ ਅਹਿਮ ਯੋਗਦਾਨ ਰਿਹਾ ਉੱਥੇ ਵੀ ਇਹਨਾਂ ਲੰਗਰ ਦੀ ਸੇਵਾ ਨਿਭਾਈ ਅਤੇ ਹਰ ਮਹੀਨੇ ਰਾਸ਼ਨ ਮੁਹਈਆ ਕਰਵਾਇਆ ਜਾ ਰਿਹਾ ਹੈ। ਇਹ ਰਾਸਨ ਵੰਡਣ ਤੋਂ ਪਹਿਲਾਂ 'ਸੰਗਤ ਨੂੰ ਦੋ ਘੰਟੇ 9 ਤੋਂ 11 ਵਜੇ ਤੱਕ ਨਾਮ ਜਪਾਇਆ ਜਾਂਦਾ ਹੈ। ਇਸ ਮੌਕੇ ਤੇ ਸੰਤ ਬਾਬਾ ਮਲਕੀਤ ਸਿੰਘ , ਤੇਜਬੀਰ ਸਿੰਘ ਕਨੇਡਾ ਭਲਾਈਪੁਰ ਹੁਣਾਂ ਨੇ ਦੱਸਿਆ ਕਿ, ਇਸ ਵਾਰ ਰਾਸ਼ਨ ਦੇ ਨਾਲ ਨਾਲ ਸਰਦ ਰੁੱਤ ਨੂੰ ਵੇਖਦਿਆਂ ਹੋਇਆਂ ਲੋੜਵੰਦ ਪਰਿਵਾਰਾਂ ਨੂੰ ਅਤੇ ਗਰੀਬ ਬੱਚਿਆਂ ਅਤੇ ਬੇਸਹਾਰਾ ਲੋਕਾਂ ਨੂੰ ਗਰਮ ਕੱਪੜੇ ਬੱਚਿਆਂ ਦੇ ਕੱਪੜੇ ਜਿਸ ਵਿੱਚ ਗਰਮ ਸ਼ਾਲ,ਕੋਟੀਆਂ, ਸਵੈਟਰ, ਜੈਕਟਾ ਵੰਡੀਆਂ ਗਈਆਂ। ਇਸ ਮੌਕੇ ਤੇ ਬਾਬਾ ਮਲਕੀਤ ਸਿੰਘ ਹੋਣਾਂ ਨੇ ਕਿਹਾ ਕਿ ਐਨਆਰਆਈ ਵੀਰਾਂ ਨੂੰ ਅਪੀਲ ਹੈ ਕਿ ਵੱਧ ਤੋਂ ਵੱਧ ਤੁਸੀਂ ਇਸ ਸੁਸਾਇਟੀ ਨਾਲ ਜੁੜੋ ਤਾਂ ਕਿ ਆਪਣੇ ਹੀ ਗਰੀਬ, ਬੇਸਹਾਰਾ, ਤੇ ਲੋੜਵੰਦ ਪਰਿਵਾਰਾਂ ਦੀ, ਬਾਂਹ ਫੜੀ ਜਾ ਸਕੇ।,, ਇਸ ਮੌਕੇ ਤੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਭਾਈ ਸੁਖਚੈਨ ਸਿੰਘ ਗਿਆਨੀ ਤੇਜ ਬੀਰ ਸਿੰਘ ਕਨੇਡ ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ, ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ਗੁਰਪਿੰਦਰ ਸਿੰਘ ਆਦਿ ਸੇਵਾਦਾਰ ਹਾਜਰ ਸਨ।



# ਇਨਾਮਾਂ ਦੇ ਲਾਲਚ ਨਾਲ ਪੁਲਿਸ ਨੂੰ ਫਰੀ ਹੈਂਡ ਦੇਣਾ ਗੰਭੀਰ ਖ਼ਤਰਾ, ਮਾਨ ਸਰਕਾਰ ਪੰਜਾਬ ਨੂੰ 1991-92 ਦੇ ਕਾਲੇ ਅਤੇ ਦਰਦਨਾਕ ਦੌਰ ਵੱਲ ਧੱਕ ਰਹੀ ਹੈ : ਸ਼ਮਸ਼ੇਰ ਸਿੰਘ ਪੱਧਰੀ

## ਗੈਂਗਸਟਰ ਕਲਚਰ ਦਾ ਹੱਲ ਇਨਾਮੀ ਮੁਕਾਬਲੇ ਨਹੀਂ, ਸਗੋਂ ਨੌਜਵਾਨਾਂ ਦੀ ਮੁੱਖ ਧਾਰਾ ਵੱਲ ਵਾਪਸੀ ਹੈ



**ਅੰਮ੍ਰਿਤਸਰ, 21 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਭੇਜੇ ਗਏ ਪ੍ਰੈਸ ਨੋਟ ਰਾਹੀਂ ਉਹਨਾਂ ਕਿਹਾ ਹੈ ਕਿ ਮਾਨ ਸਰਕਾਰ ਵੱਲੋਂ ਪੰਜਾਬ ਪੁਲਿਸ ਲਈ ਨਗਦ ਇਨਾਮਾਂ ਅਤੇ ਤਰੱਕੀਆਂ ਨਾਲ ਜੋੜੀ ਗਈ ਨੀਤੀ ਕਾਨੂੰਨ-ਵਿਵਸਥਾ ਸੁਧਾਰਨ ਦੀ ਬਜਾਏ ਪੁਲਿਸ ਨੂੰ ਬੇਲਗਾਮ "ਫਰੀ ਹੈਂਡ" ਦੇਣ ਦੇ ਬਰਾਬਰ ਹੈ, ਜੋ ਪੰਜਾਬ ਦੇ ਇਤਿਹਾਸ ਲਈ ਬਹੁਤ ਹੀ ਖ਼ਤਰਨਾਕ ਸੰਕੇਤ ਹੈ, ਕਿਉਂਕਿ 1991-92 ਦੌਰਾਨ ਪੰਜਾਬ ਪਹਿਲਾਂ ਹੀ ਅਜਿਹੀਆਂ ਨੀਤੀਆਂ ਦੇ ਭਿਆਨਕ ਨਤੀਜੇ ਭੁਗਤ ਚੁੱਕਾ ਹੈ, ਜਦੋਂ ਇਨਾਮਾਂ, ਰੈਂਕਾਂ ਅਤੇ ਤਰੱਕੀਆਂ ਦੀ ਦੌੜ ਵਿੱਚ ਨਾਜਾਇਜ਼ ਹਿਰਾਸਤਾਂ, ਝੂਠੇ ਕੇਸ ਅਤੇ ਨਾਜਾਇਜ਼ ਪੁਲਿਸ ਮੁਕਾਬਲੇ ਆਮ ਗੱਲ ਬਣ ਗਏ ਸਨ ਅਤੇ ਕਾਨੂੰਨ ਦੀ ਨਹੀਂ, ਸਗੋਂ ਡਰ ਦੀ ਹਕੂਮਤ ਚੱਲੀ ਸੀ। ਭਾਈ ਪੱਧਰੀ ਨੇ ਕਿਹਾ ਕਿ ਅੱਜ ਦੁਬਾਰਾ SSP ਤੋਂ ਲੈ ਕੇ ਹੇਠਲੇ ਦਰਜੇ ਤੱਕ ਨਗਦ ਇਨਾਮਾਂ ਦੀ ਸਪਸ਼ਟ ਲੜੀ ਤੈਅ ਕਰਨਾ ਪੁਲਿਸ ਅਧਿਕਾਰੀਆਂ ਨੂੰ ਇਹ ਸੰਕੇਤ ਦਿੰਦਾ ਹੈ ਕਿ ਸੰਵਿਧਾਨ, ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੀ ਪਾਲਣਾਂ ਨਹੀਂ, ਸਗੋਂ "ਨੰਬਰ ਪੂਰੇ ਕਰਨਾਂ" ਅਤੇ "ਨਤੀਜੇ ਦਿਖਾਉਣਾਂ" ਹੀ ਸਰਕਾਰ ਦੀ ਨਜ਼ਰ ਵਿੱਚ ਕਾਮਯਾਬੀ ਹੈ, ਜਿਸ ਦਾ ਸਭ ਤੋਂ ਵੱਡਾ ਨੁਕਸਾਨ ਬੇਗੁਨਾਹ ਨਾਗਰਿਕਾਂ, ਖ਼ਾਸ ਕਰਕੇ ਨੌਜਵਾਨਾਂ ਦੇ ਮੂਲ ਅਧਿਕਾਰਾਂ ਨੂੰ ਹੋਵੇਗਾ। ਉਨ੍ਹਾਂ ਕਿਹਾ ਕਿ ਅਜਿਹੀ ਇਨਾਮੀ ਪ੍ਰਣਾਲੀ ਨਾਜਾਇਜ਼ ਗ੍ਰਿਫ਼ਤਾਰੀਆਂ, ਝੂਠੇ ਕੇਸਾਂ, ਦਬਾਅ ਵਾਲੀਆਂ ਪੁੱਛਗਿੱਛਾਂ ਅਤੇ ਹਿਰਾਸਤੀ ਜ਼ੁਲਮਾਂ ਨੂੰ ਉਤਸ਼ਾਹਿਤ ਕਰੇਗੀ, ਜਿਸ ਨਾਲ ਨਾਂ ਸਿਰਫ਼ ਪੁਲਿਸ 'ਤੇ ਜਨਤਾ ਦਾ ਭਰੋਸਾ ਟੁੱਟੇਗਾ, ਬਲਕਿ ਪੰਜਾਬ ਵਿੱਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਵੀ ਪੈਦਾ ਹੋਵੇਗਾ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਕਲਚਰ ਦਾ ਸ਼ਿਕਾਰ ਹੋਏ ਬਹੁਤੇ ਨੌਜਵਾਨ ਅਪਰਾਧੀ ਜਨਮ ਤੋਂ ਨਹੀਂ, ਸਗੋਂ ਹਾਲਾਤਾਂ ਦੀ ਮਾਰ, ਗਲਤ ਸੰਗਤ ਅਤੇ ਬੇਰੋਜ਼ਗਾਰੀ ਕਾਰਨ ਇਸ ਰਾਹੇ ਵੱਲ ਧੱਕੇ ਗਏ ਹਨ, ਅਤੇ ਅਜਿਹੇ ਨੌਜਵਾਨਾਂ ਦਾ ਹੱਲ ਝੂਠੇ ਮੁਕਾਬਲੇ, ਇਨਾਮੀ ਵਾਰ ਜਾਂ ਦਬਾਅ ਦੀ ਨੀਤੀ ਨਹੀਂ, ਸਗੋਂ ਉਹਨਾਂ ਨੂੰ ਗਲ ਨਾਲ ਲਾਕੇ, ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣਾਂ, ਸਹੀ ਦਿਸ਼ਾ ਦਿਖਾਉਣਾਂ ਅਤੇ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਜ਼ੁਲਮ ਅਤੇ ਗੋਲੀਆਂ ਨਾਲ ਕਦੇ ਵੀ ਸਥਾਈ ਅਮਨ ਨਹੀਂ ਆਇਆ, ਸਗੋਂ ਇਸ ਨਾਲ ਨਫ਼ਰਤ ਅਤੇ ਟਕਰਾਅ ਹੀ ਵਧਦਾ ਹੈ। ਭਾਈ ਪੱਧਰੀ ਨੇ ਗਹਿਰੀ ਚਿੰਤਾ ਜਤਾਉਂਦਿਆਂ ਕਿਹਾ ਕਿ ਨਸ਼ੇ ਦੀ ਲਤ ਨਾਲ ਜੂਝ ਰਹੀ ਪੰਜਾਬ ਦੀ ਜਵਾਨੀ ਪ੍ਰਤੀ ਮਾਨ ਸਰਕਾਰ ਦਾ ਰਵੱਈਆ ਵੀ ਸਜ਼ਾਵਾਂ ਅਤੇ ਦਬਾਅ ਤੱਕ ਸੀਮਿਤ ਦਿਖਾਈ ਦੇ ਰਿਹਾ ਹੈ, ਜਦਕਿ ਅਸਲ ਲੋੜ ਸੁਧਾਰ, ਇਲਾਜ ਅਤੇ ਪੁਨਰਵਾਸ ਦੀ ਹੈ। ਜਦ ਤੱਕ ਨਸ਼ਾ ਪੀੜਤ ਨੌਜਵਾਨਾਂ ਨੂੰ ਗੁਨਹਗਾਰ ਦੀ ਬਜਾਏ ਮਰੀਜ਼ ਸਮਝ ਕੇ ਇਲਾਜ਼, ਰੋਜ਼ਗਾਰ ਅਤੇ ਸਮਾਜਿਕ ਸਹਾਰਾ ਨਹੀਂ ਦਿੱਤਾ ਜਾਂਦਾ, ਤੱਦ ਤੱਕ ਨਾਂ ਗੈਂਗਸਟਰ ਕਲਚਰ ਮੁੱਕੇਗਾ ਅਤੇ ਨਾਂ ਹੀ ਪੰਜਾਬ ਅਮਨ ਵੱਲ ਵੱਧ ਸਕੇਗਾ। ਅੰਤ ਵਿੱਚ ਭਾਈ ਪੱਧਰੀ ਨੇ ਕਿਹਾ ਕਿ ਕਾਨੂੰਨ-ਵਿਵਸਥਾ ਦੀ ਅਸਲੀ ਮਜ਼ਬੂਤੀ ਇਨਾਮਾਂ ਦੀ ਲਾਲਚ ਨਾਲ ਨਹੀਂ, ਸਗੋਂ ਪਾਰਦਰਸ਼ੀ ਜਾਂਚ ਪ੍ਰਣਾਲੀ, ਸੁਤੰਤਰ ਨਿਗਰਾਨੀ, ਅਦਾਲਤੀ ਜਵਾਬਦੇਹੀ ਅਤੇ ਮਨੁੱਖੀ ਅਧਿਕਾਰਾਂ ਦੀ ਸਖ਼ਤ ਪਾਲਣਾਂ ਨਾਲ ਆਉਂਦੀ ਹੈ। ਮਾਨ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਤਿਹਾਸ ਤੋਂ ਸਬਕ ਲੈਂਦਿਆਂ ਇਸ ਇਨਾਮੀਂ ਨੀਤੀ ਨੂੰ ਤੁਰੰਤ ਵਾਪਸ ਲਵੇ ਅਤੇ ਪੁਲਿਸ ਪ੍ਰਸ਼ਾਸਨ ਨੂੰ ਬੇਲਗਾਮ ਛੂਟ ਦੇਣ ਦੀ ਬਜਾਏ ਉਸਨੂੰ ਸੰਵਿਧਾਨਕ ਹੱਦਾਂ ਵਿੱਚ ਰਹਿ ਕੇ ਕੰਮ ਕਰਨ ਲਈ ਪਾਬੰਦ ਕਰੇ, ਨਹੀਂ ਤਾਂ ਇਹ ਪੰਜਾਬ ਦੇ ਭਵਿੱਖ ਨਾਲ ਸਿੱਧਾ ਖਿਲਵਾੜ ਹੋਵੇਗਾ।

# ਨਸ਼ੇ ਦੇ ਦਲਦਲ 'ਚ ਡੁੱਬ ਚੱਲਾ ਪੰਜਾਬ, ਹੁਣ ਐਂਬੂਲੈਂਸਾਂ 'ਚੋਂ ਬਰਾਮਦ ਹੋਣ ਲੱਗੀ ਹੈਰੋਇਨ




**ਬਟਾਲਾ (ਆਵਾਜ਼ਿ ਕੌਮ ਬਿਊਰੋ)**-ਐਂਬੂਲੈਂਸ ਵਿਚੋਂ ਥਾਣਾ ਸ੍ਰੀ ਕਰਤਾਰਪੁਰ ਸਾਹਿਬ ਕੋਰਿਡੋਰ ਦੀ ਪੁਲਸ ਵਲੋਂ ਹੈਰੋਇਨ ਬਰਾਮਦ ਕਰਦਿਆਂ 3 ਜਣਿਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪੁਲ ਸੂਆ ਪਿੰਡ ਕਾਹਲਾਂਵਾਲੀ 'ਤੇ ਇਕ ਸ਼ੱਕੀ ਹਾਲਤ ਵਿਚ ਖੜੀ ਐਂਬੂਲੈਂਸ ਨੰ.ਪੀ.ਬੀ.11 ਸੀ.ਵੀ.7110 ਦਿਖਾਈ ਦਿੱਤੀ, ਜਿਸ ਦੀ ਚੈਕਿੰਗ ਕਰਨ 'ਤੇ ਐਂਬੂਲੈਂਸ ਦੀ ਪਿਛਲੀ ਸੀਟ 'ਤੇ ਤਿੰਨ ਨੌਜਵਾਨਾਂ ਨੂੰ ਬੈਂਚ ਦੇ ਉੱਪਰ ਕੰਪਿਊਟਰ ਕੰਡਾ ਰੱਖ ਕੇ ਕੋਈ ਨਸ਼ੀਲੀ ਚੀਜ਼ ਤੋਲਦੇ ਦਿਖਾਈ ਦਿੱਤੇ। ਇਸ ਦੌਰਾਨ ਪੁਲਸ ਨੇ ਉਨ੍ਹਾਂ ਨੂੰ ਮੌਕੇ 'ਤੇ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾਂ ਨੌਜਵਾਨਾਂ ਨੇ ਕ੍ਰਮਵਾਰ ਆਪਣੇ ਨਾਮ ਗੁਰਵਿੰਦਰ ਸਿੰਘ ਵਾਸੀ ਕਾਹਲਾਂਵਾਲੀ, ਕੁਲਦੀਪ ਸਿੰਘ ਵਾਸੀ ਅਬਦਾਲ ਤੇ ਰੋਬਿਨ ਮਸੀਹ ਵਾਸੀ ਪਿੰਡ ਖਾਸਾ ਥਾਣਾ ਡੇਰਾ ਬਾਬਾ ਨਾਨਕ ਦੱਸੇ। ਏ.ਐੱਸ.ਆਈ ਸੁਖਦੇਵ ਸਿੰਘ ਨੇ ਅੱਗੇ ਦੱਸਿਆ ਕਿ ਇਸਦੇ ਬਾਅਦ ਉਕਤਾਨ ਵਿਚੋਂ ਗੁਰਵਿੰਦਰ ਸਿੰਘ ਕੋਲੋਂ 4 ਗ੍ਰਾਮ ਅਤੇ ਕੁਲਦੀਪ ਸਿੰਘ ਤੇ ਰੋਬਿਨ ਮਸੀਹ ਕੋਲੋਂ 3-3 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਅਤੇ ਉਕਤ ਤਿੰਨਾਂ ਨੂੰ ਗ੍ਰਿਫਤਾਰ ਕਰਨ ਉਪਰੰਤ ਉਕਤ ਥਾਣੇ ਵਿਚ ਲਿਆਂਦਾ ਗਿਆ, ਜਿਥੇ ਇਨ੍ਹਾਂ ਤਿੰਨਾਂ ਖਿਲਾਫ ਬਣਦੀਆਂ ਧਾਰਾਵਾਂ ਹੇਠ ਕੇਸ ਦਰਜ ਕਰ ਦਿੱਤਾ ਗਿਆ ਹੈ ਅਤੇ ਉਕਤ ਐਂਬੂਲੈਂਸ ਨੂੰ ਕਬਜ਼ੇ ਵਿਚ ਲੈ ਲਿਆ ਗਿਆ ਹੈ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243